


ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ

ਮਾਸਿਕ

# ਸੇਵਾ ਸਰਗਰਮੀਆਂ

ਲੜੀ ਨੰਬਰ 16, ਜੂਨ 2019 (ਜੇਠ-ਹਾੜ ਸੰਮਤ ਨਾਨਕਸ਼ਾਹੀ 551) । ਮੁੱਖ ਸੰਪਾਦਕ : ਬਲਵਿੰਦਰ ਸਿੰਘ ਜੌੜਾਸਿੰਘਾ । ਪ੍ਰਕਾਸ਼ਕ : ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ । ਫੋਨ : 01832553956-60 । ਈਮੇਲ : sgpcsargarmiya@gmail.com




ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਸ੍ਰੀ ਗੁਰੂ ਨਾਨਕ ਦੇਵ, ਚਾਂਦ ਨਗਰ (ਜੰਮੂ) ਵਿਖੇ ਗੁਰੂ ਨਾਨਕ ਸੇਵਾ ਚੈਰੀਟੇਬਲ ਟਰੱਸਟ ਅਤੇ ਗੁਰੂ ਨਾਨਕ ਇੰਟਰਨੈਸ਼ਨਲ ਕੀਰਤਨ ਕੌਂਸਲ ਵੱਲੋਂ ਗੁਰਮਤਿ ਸਮਾਗਮ ਆਯੋਜਿਤ ਕੀਤਾ ਗਿਆ। ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵਿਸ਼ੇਸ਼ ਤੌਰ 'ਤੇ ਪਹੁੰਚੇ।

ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ 'ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ' ਤੋਂ ਸੇਧ ਲੈ ਕੇ ਜੀਵਨ ਜਿਉਣ ਦੀ ਪ੍ਰੇਰਨਾ ਕੀਤੀ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਾਈ ਲੌਂਗੋਵਾਲ ਨੂੰ ਵਿਸ਼ੇਸ ਤੌਰ 'ਤੇ ਸਨਮਾਨਿਤ ਕੀਤਾ ਗਿਆ।

## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੱਛਮੀ ਬੰਗਾਲ ਦੇ ਆਸਨਸੋਲ ਵਿਖੇ ਗੁਰਮਤਿ ਸਮਾਗਮ

### ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕੀਤੀ ਸ਼ਿਰਕਤ

ਅੰਮ੍ਰਿਤਸਰ- ਪੱਛਮੀ ਬੰਗਾਲ ਦੇ ਆਸਨਸੋਲ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸਥਾਨਕ ਸਭਾ ਸੁਸਾਇਟੀਆਂ, ਗੁਰਦੁਆਰਾ ਕਮੇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਨਾਨਕ ਕਮਿਊਨਿਟੀ ਹਾਲ ਮੁਰਗਾਸੋਲ, ਆਸਨਸੋਲ ਵਿਖੇ ਕਰਵਾਏ ਗਏ ਇਸ ਸਮਾਗਮ 'ਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਪ੍ਰਚਾਰਨ ਲਈ ਇਕ ਸੁਨਹਿਰੀ ਮੌਕਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਪਹਿਲੇ ਪਾਤਸ਼ਾਹ ਜੀ ਦੇ ਇਤਿਹਾਸਕ ਪੁਰਬ ਨੂੰ ਸਮਰਪਿਤ ਵੱਖ-ਵੱਖ ਸੂਬਿਆਂ ਅੰਦਰ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਸ਼ਲਾਘਾ ਵੀ ਕੀਤੀ।



ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਆਖਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਸਮੁੱਚੇ ਵਿਸ਼ਵ ਲਈ ਸਰਬਸਾਂਝੀ ਹੈ ਅਤੇ ਉਨ੍ਹਾਂ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੁੰਦਿਆਂ ਸਮੁੱਚੇ ਵਿਸ਼ਵ ਦੇ ਸਿੱਖਾਂ ਨੂੰ ਪ੍ਰਚਾਰਕ ਬਣ ਕੇ ਸਿੱਖੀ ਪ੍ਰਚਾਰ ਲਈ ਮੋਹਰੀ ਭੂਮਿਕਾ ਅਦਾ ਕਰਨੀ ਚਾਹੀਦੀ ਹੈ। ਉਨ੍ਹਾਂ ਵੱਖ-ਵੱਖ ਸੂਬਿਆਂ ਦੀਆਂ ਸੰਗਤਾਂ ਵੱਲੋਂ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਨੂੰ ਸਾਰਥਿਕ ਦੱਸਿਆ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਵੱਖ-ਵੱਖ ਸੂਬਿਆਂ ਅੰਦਰ ਨਿਰੰਤਰ ਗੁਰਮਤਿ ਸਮਾਗਮ ਜਾਰੀ ਰੱਖਣ ਦਾ ਵਿਸ਼ਵਾਸ ਵੀ ਦਿਵਾਇਆ। ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ ਨੇ ਗੁਰਬਾਣੀ ਕੀਰਤਨ ਕੀਤਾ, ਜਦਕਿ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਪੰਥ ਪ੍ਰਸਿੱਧ ਕਥਾਵਾਚਕ ਭਾਈ ਰਣਜੀਤ ਸਿੰਘ ਗੌਹਰ-ਏ-ਮਸਕੀਨ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਅਤੇ ਉਪਦੇਸ਼ਾਂ ਤੋਂ ਸੰਗਤ ਨੂੰ ਜਾਣੂ ਕਰਵਾਇਆ। ਇਸ ਮੌਕੇ ਸਿੰਘ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦਾ ਸਮਾਗਮ ਦੌਰਾਨ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ, ਸ. ਵਰਿੰਦਰ ਸਿੰਘ ਠਰੂ ਸੁਪਰਵਾਈਜ਼ਰ, ਸਿੱਖ ਮਿਸ਼ਨ ਕਲਕੱਤਾ ਦੇ ਇੰਚਾਰਜ ਸ. ਜਗਮੋਹਨ ਸਿੰਘ, ਸ. ਦਰਸ਼ਨ ਸਿੰਘ ਪੀ.ਏ., ਸ. ਤੇਜਿੰਦਰ ਸਿੰਘ ਬੱਲ, ਸ. ਪਿਆਰਾ ਸਿੰਘ ਵੀਰ, ਸ. ਅਮਰਜੀਤ ਸਿੰਘ, ਸ. ਹਰਦੀਪ ਸਿੰਘ, ਸ. ਜਗਦੀਸ਼ ਸਿੰਘ, ਸ. ਮਨਜੀਤ ਸਿੰਘ, ਸ. ਸੁਰਜੀਤ ਸਿੰਘ ਮੱਕੜ ਸਮੇਤ ਭਰਵੀਂ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

## ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੋਆ ਵਿਖੇ ਵਿਸ਼ਾਲ ਗੁਰਮਤਿ ਸਮਾਗਮ

### ਗਿਆਨੀ ਹਰਪ੍ਰੀਤ ਸਿੰਘ, ਭਾਈ ਗੋਬਿੰਦ ਸਿੰਘ ਲੌਂਗੋਵਾਲ ਤੇ ਗੋਆ ਦੇ ਮੁਖ ਮੰਤਰੀ ਡਾ. ਸਾਵੰਤ ਨੇ ਕੀਤਾ ਸੰਬੋਧਨ



ਅੰਮ੍ਰਿਤਸਰ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੇਤਮ (ਗੋਆ) ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਥਾਨਕ ਗੁਰਦੁਆਰਾ ਕਮੇਟੀ ਅਤੇ ਸੰਗਤਾਂ ਦੇ ਸਾਂਝੇ ਉੱਦਮ ਨਾਲ ਹੋਏ ਇਸ ਸਮਾਗਮ ਵਿਚ ਗੋਆ ਦੇ ਮੁੱਖ ਮੰਤਰੀ ਡਾ. ਪ੍ਰਮੋਦ ਸਾਵੰਤ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਹਿਲੇ ਪਾਤਸ਼ਾਹ ਜੀ ਦਾ 550ਵਾਂ ਪ੍ਰਕਾਸ਼ ਪੁਰਬ ਕੌਮੀ ਇਕਜੁਟਤਾ ਨਾਲ ਮਨਾਉਣ ਦਾ ਸੱਦਾ ਦਿੱਤਾ। ਭਾਈ ਲੌਂਗੋਵਾਲ ਨੇ ਆਖਿਆ ਕਿ ਇਸ ਇਤਿਹਾਸਕ ਮੌਕੇ ਨੂੰ ਜਿਥੇ ਗੁਰੂ ਸਾਹਿਬ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਲਈ ਵਰਤਿਆ ਜਾਵੇਗਾ, ਉਥੇ ਹੀ ਸਿੱਖੀ ਦੀ ਚੜ੍ਹਦੀ ਕਲਾ ਦੇ ਪ੍ਰਗਟਾਅ ਨੂੰ ਦੁਨੀਆਂ ਅੰਦਰ ਹੋਰ ਫੈਲਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਗੋਆ ਦੀਆਂ ਸੰਗਤਾਂ ਵੱਲੋਂ ਗੁਰਮਤਿ ਸਮਾਗਮ ਵਿਚ ਵੱਡੀ ਗਿਣਤੀ ਵਿਚ ਹਾਜ਼ਰੀ ਭਰਨ ਦੀ ਪ੍ਰਸ਼ੰਸਾ ਕੀਤੀ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੇ ਗੁਰਮਤਿ ਸਮਾਗਮ ਸਮੇਂ ਸਮੇਂ ਕਰਵਾਉਣ ਦੀ ਵਚਨਬਧਤਾ ਪ੍ਰਗਟਾਈ। ਇਸ ਮੌਕੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਮੁੱਚੀ ਮਾਨਵਤਾ ਨੂੰ ਇਕ ਸੂਤਰ ਵਿਚ ਪਰੋ ਕੇ ਮਨੁੱਖੀ ਏਕਤਾ ਦਾ ਰਾਹ ਦਿਖਾਇਆ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦੇ ਉਪਦੇਸ਼ਾਂ 'ਤੇ ਚੱਲ ਕੇ ਸਿੱਖਾਂ ਨੇ ਵਿਸ਼ਵ ਅੰਦਰ ਆਪਣੀ ਨਿਵੇਕਲੀ ਪਛਾਣ ਬਣਾਈ ਹੈ। ਉਨ੍ਹਾਂ ਸੰਗਤ ਨੂੰ ਗੁਰੂ ਸਾਹਿਬ ਜੀ ਦੀ ਬ੍ਰਹਿਮੰਡੀ ਵਿਚਾਰਧਾਰਾ ਨੂੰ ਵੱਧ ਤੋਂ ਵੱਧ ਪ੍ਰਚਾਰਨ ਲਈ ਉਪਰਾਲੇ ਕਰਨ ਦੀ ਪ੍ਰੇਰਣਾ ਕੀਤੀ। ਸਮਾਗਮ ਦੌਰਾਨ ਗੋਆ ਦੇ ਮੁੱਖ ਮੰਤਰੀ ਡਾ. ਪ੍ਰਮੋਦ ਸਾਵੰਤ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਸਿੱਖਾਂ ਵੱਲੋਂ ਗੋਆ ਦੇ ਵਿਕਾਸ ਲਈ ਪਾਏ ਯੋਗਦਾਨ ਦੀ ਭਰਵੀਂ ਪ੍ਰਸ਼ੰਸਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਮੁੱਖ ਮੰਤਰੀ ਡਾ. ਪ੍ਰਮੋਦ ਸਾਵੰਦ ਨੂੰ 550ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਵਿਚ ਸ਼ਾਮਲ ਹੋਣ ਦਾ ਸੱਦਾ ਵੀ ਦਿੱਤਾ। ਇਸ ਦੌਰਾਨ ਡਾ. ਸਾਵੰਤ ਨੂੰ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਸਮੇਤ ਸਥਾਨਕ ਪ੍ਰਬੰਧਕਾਂ ਨੇ ਸਨਮਾਨਿਤ ਵੀ ਕੀਤਾ। ਇਸ ਤੋਂ ਪਹਿਲਾਂ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੂੰ ਜੀ-ਆਇਆਂ ਆਖਿਆ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥਿਆਂ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਕਥਾਵਾਚਕਾਂ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਹਰਵਿੰਦਰ ਸਿੰਘ, ਸ. ਜਸਵੀਰ ਸਿੰਘ ਮੁੰਬਈ, ਡਾ. ਮੋਹਤਰ, ਸ. ਗੁਰਦੀਪ ਸਿੰਘ ਭਾਟੀਆ ਇੰਦੌਰ, ਸ. ਬਲਬੀਰ ਸਿੰਘ ਬਿਦਰ, ਸ. ਸਲਿੰਦਰ ਸਿੰਘ ਝਾੜਖੰਡ, ਸ. ਦਰਸ਼ਨ ਸਿੰਘ ਪੀ.ਏ., ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## 550 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ 'ਚ ਸ਼ਮੂਲੀਅਤ ਲਈ ਗੋਆ ਦੀ ਰਾਜਪਾਲ ਨੂੰ ਭਾਈ ਲੌਂਗੋਵਾਲ ਨੇ ਦਿੱਤਾ ਸੱਦਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੋਆ ਦੀ ਰਾਜਪਾਲ ਮ੍ਰਿਦੁਲਾ ਸਿਨਹਾ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਨਵੰਬਰ 2019 ਵਿਚ ਹੋਣ ਵਾਲੇ ਗੁਰਮਤਿ ਸਮਾਗਮਾਂ ਵਿਚ ਸ਼ਮੂਲੀਅਤ ਲਈ ਸੱਦਾ ਦਿੱਤਾ ਹੈ। ਭਾਈ ਲੌਂਗੋਵਾਲ ਜੋ ਇਕ ਗੁਰਮਤਿ ਸਮਾਗਮ ਵਿਚ ਸ਼ਾਮਲ ਹੋਣ ਲਈ ਗੋਆ ਪੁੱਜੇ ਹੋਏ ਸਨ, ਨੇ ਗੋਆ ਦੀ ਰਾਜਪਾਲ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ 550ਵੇਂ ਪ੍ਰਕਾਸ਼ ਪੁਰਬ ਮੌਕੇ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਸਮਾਗਮਾਂ ਲਈ ਸੱਦਾ ਦਿੱਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਮੌਕੇ ਗੋਆ ਦੀ ਰਾਜਪਾਲ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਦੇ ਕੇ ਸਨਮਾਨਿਤ ਵੀ ਕੀਤਾ।

ਇਸ ਸਮੇਂ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਦੇ ਨਾਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੇਤਮ ਦੇ ਪ੍ਰਧਾਨ ਸ. ਹਰਵਿੰਦਰ ਸਿੰਘ, ਸ਼੍ਰੋਮਣੀ ਕਮੇਟੀ ਅਤੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਮੈਂਬਰ ਸ. ਗੁਰਦੀਪ ਸਿੰਘ ਭਾਟੀਆ, ਗੁਰਦੁਆਰਾ ਨਾਨਕ ਝੀਰਾ ਸਾਹਿਬ ਦੇ ਪ੍ਰਧਾਨ ਸ. ਬਲਬੀਰ ਸਿੰਘ, ਝਾੜਖੰਡ ਤੋਂ ਸ. ਸਲਿੰਦਰ ਸਿੰਘ ਅਤੇ ਸ. ਜਸਵੀਰ ਸਿੰਘ ਮੁੰਬਈ ਸਮੇਤ ਵੱਖ-ਵੱਖ ਰਾਜਾਂ ਦੇ ਸਿੱਖ ਆਗੂ ਮੌਜੂਦ ਸਨ।

ਮੁਲਾਕਾਤ ਦੌਰਾਨ ਭਾਈ ਲੌਂਗੋਵਾਲ ਨੇ ਰਾਜਪਾਲ ਮ੍ਰਿਦੁਲਾ ਸਿਨਹਾ ਨੂੰ ਦੱਸਿਆ ਕਿ ਮਨੁੱਖਤਾ ਦੇ ਰਹਿਬਰ ਅਤੇ ਸਿੱਖਾਂ ਦੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ 550 ਸਾਲਾ ਪ੍ਰਕਾਸ਼ ਪੁਰਬ ਸਿੱਖ ਜਗਤ ਵੱਲੋਂ ਕੌਮਾਂਤਰੀ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਰਾਜਪਾਲ ਨੂੰ ਨਵੰਬਰ 2019 ਵਿਚ ਹੋਣ ਵਾਲੇ ਸਮਾਗਮਾਂ ਤੋਂ ਜਾਣੂ ਕਰਵਾਉਂਦਿਆਂ ਦੱਸਿਆ ਕਿ ਇਸ ਮੌਕੇ ਪੂਰੇ ਵਿਸ਼ਵ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਸ਼ਾਮਲ ਹੋਣਗੀਆਂ। ਇਸ ਦੌਰਾਨ ਰਾਜਪਾਲ ਸਾਹਿਬਾ ਨੇ ਇਨ੍ਹਾਂ ਸਮਾਗਮਾਂ ਵਿਚ ਸ਼ਮੂਲੀਅਤ ਦਾ ਭਰੋਸਾ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਦਰਸ਼ਨ ਸਿੰਘ ਨਿੱਜੀ ਸਹਾਇਕ, ਸ. ਨਵਇੰਦਰ ਸਿੰਘ ਆਦਿ ਮੌਜੂਦ ਸਨ।

## 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਨੇ ਕਰਵਾਏ ਢਾਡੀ ਤੇ ਕਵੀਸ਼ਰੀ ਮੁਕਾਬਲੇ




ਬਾਬਾ ਬਕਾਲਾ ਸਾਹਿਬ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਢਾਡੀ ਤੇ ਕਵੀਸ਼ਰੀ ਦੇ ਮੁਕਾਬਲੇ ਕਰਵਾਏ ਗਏ। ਦੋ ਦਿਨ ਚੱਲੇ ਇਨ੍ਹਾਂ ਮੁਕਾਬਲਿਆਂ ਵਿਚ ਪਹਿਲੇ ਦਿਨ 17 ਢਾਡੀ ਜਥਿਆਂ, ਜਦਕਿ ਦੂਸਰੇ ਦਿਨ 40 ਕਵੀਸ਼ਰੀ ਜਥਿਆਂ ਨੇ ਢਾਡੀ ਤੇ ਕਵੀਸ਼ਰੀ ਕਲਾ ਦੇ ਜੌਹਰ ਵਿਖਾਏ। ਢਾਡੀ ਮੁਕਾਬਲਿਆਂ ਵਿੱਚੋਂ ਭਾਈ ਲਖਬੀਰ ਸਿੰਘ ਕੋਟ ਨੇ ਪਹਿਲਾ, ਗਿਆਨੀ ਖੜਕ ਸਿੰਘ ਪਠਾਨਕੋਟ ਨੇ ਦੂਸਰਾ, ਭਾਈ ਪੂਰਨ ਸਿੰਘ ਅਰਸ਼ੀ ਨੇ ਤੀਸਰਾ ਤੇ ਭਾਈ ਜਰਨੈਲ ਸਿੰਘ ਖੇੜਾ ਦੇ ਜਥੇ ਨੇ ਚੌਥਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਕਵੀਸ਼ਰੀ ਦੇ ਮੁਕਾਬਲੇ ਵਿੱਚੋਂ ਭਾਈ ਲਖਮੀਰ ਸਿੰਘ ਮਸਤ ਦੇ ਜਥੇ ਨੇ ਪਹਿਲਾ, ਭਾਈ ਕੇਵਲ ਸਿੰਘ ਮਹਿਤਾ ਨੇ ਦੂਜਾ, ਭਾਈ ਜੋਗਿੰਦਰ ਸਿੰਘ ਕਾਲਾ ਗੋਰਾਇਆ ਨੇ ਤੀਸਰਾ ਤੇ ਭਾਈ ਦਿਲਬਾਗ ਸਿੰਘ ਪੱਬਾਰਾਲੀ ਦੇ ਜਥੇ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਮੁਕਾਬਲਿਆਂ ਦੀ ਸਮਾਪਤੀ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਬਲਜੀਤ ਸਿੰਘ ਜਲਾਲ ਉਸਮਾਂ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਵਾਏ ਇਹ ਢਾਡੀ ਤੇ ਕਵੀਸਰੀ ਮੁਕਾਬਲੇ ਜਿਥੇ ਇਸ ਖੇਤਰ ਵਿਚ ਕਾਰਜਸ਼ੀਲ ਜਥਿਆਂ ਅੰਦਰ ਹੋਰ ਮਿਹਨਤ ਕਰਨ ਦੀ ਭਾਵਨਾ ਪੈਦਾ ਕਰਨਗੇ, ਉਥੇ ਹੀ ਇਸ ਨਾਲ ਨਵੇਂ ਜਥਿਆਂ ਅੰਦਰ ਵੀ ਉਤਸ਼ਾਹ ਪੈਦਾ ਹੋਵੇਗਾ। ਇਸ ਦੌਰਾਨ ਅੰਤ੍ਰਿੰਗ ਮੈਂਬਰ ਸ. ਅਮਰੀਕ ਸਿੰਘ ਵਿਛੋਆ, ਸ. ਬਲਜੀਤ ਸਿੰਘ ਜਲਾਲ ਉਸਮਾਂ, ਸ. ਅਮਰਜੀਤ ਸਿੰਘ ਭਲਾਈਪੁਰ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ ਨੇ ਜੇਤੂ ਰਹੇ ਅਤੇ ਭਾਗ ਲੈਣ ਵਾਲੇ ਜਥਿਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਸ. ਸੁਖਦੇਵ ਸਿੰਘ ਭੂਰਾ ਕੋਹਨਾ ਤੇ ਸ. ਕੁਲਵਿੰਦਰ ਸਿੰਘ ਰਮਦਾਸ ਨੇ ਦੱਸਿਆ ਕਿ ਇਹ ਮੁਕਾਬਲੇ ਮਾਝਾ ਤੋਂ ਬਾਅਦ ਮਾਲਵਾ ਤੇ ਦੁਆਬਾ ਵਿਚ ਵੀ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜੋਨਲ ਮੁਕਾਬਲਿਆਂ ਦੌਰਾਨ ਜੇਤੂ ਰਹੇ ਜਥਿਆਂ ਦੇ ਸ਼ਤਾਬਦੀ ਸਮਾਗਮਾਂ ਸਮੇਂ 9 ਨਵੰਬਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਫਾਈਨਲ ਮੁਕਾਬਲੇ ਹੋਣਗੇ, ਜਿਥੇ ਭਾਈ ਗੋਬਿੰਦ ਸਿੰਘ ਲੌਂਗੋਵਾਲ ਜੇਤੂਆਂ ਨੂੰ ਇਨਾਮੀ ਰਾਸ਼ੀ ਨਾਲ ਸਨਮਾਨਿਤ ਕਰਨਗੇ। ਮੁਕਾਬਲਿਆਂ ਦੌਰਾਨ ਭਾਈ ਗੁਰਮੁੱਖ ਸਿੰਘ ਐਮ.ਏ., ਸ. ਅਰਸ਼ਪ੍ਰੀਤ ਸਿੰਘ ਪਟਿਆਲਾ, ਡਾ. ਅਮਰਜੀਤ ਸਿੰਘ, ਡਾ. ਜਸਬੀਰ ਕੌਰ, ਡਾ. ਕੰਵਲਜੀਤ ਸਿੰਘ, ਗਿਆਨੀ ਸਵਿੰਦਰ ਸਿੰਘ ਭੰਗੂ ਤੇ ਭਾਈ ਸਤਪਾਲ ਸਿੰਘ ਨੇ ਜੱਜ ਵਜੋਂ ਸੇਵਾ ਨਿਭਾਈ।

# ਗਰਮੀਆਂ ਦੀਆਂ ਛੁੱਟੀਆਂ ਨੂੰ ਧਰਮ ਪ੍ਰਚਾਰ ਹਿੱਤ ਵਰਤਣ ਲਈ ਸਾਰੇ ਸਹਿਯੋਗੀ ਬਣੀਏ

ਸ੍ਰੀ ਗੁਰੂ ਨਾਨਕ ਸਾਹਿਬ ਜੀ ਨੇ ਧਰਮ ਦੇ ਪ੍ਰਚਾਰ ਹਿੱਤ ਸੰਸਾਰ ਦਾ ਚੱਕਰ ਲਗਾਇਆ। ਜਾਤਾਂ ਪਾਤਾਂ ਦੇ ਅਧਾਰ ਤੇ ਦਬੀ ਲੁਕਾਈ ਨੂੰ ਗੁਰੂ ਜੀ ਨੇ ਧਰਮ ਨਾਲ ਜੋੜਿਆ। ਕਿਰਤ ਕਰੋ, ਨਾਮ ਜਪੋ ਤੇ ਵੰਡ ਛਕੋ ਦੇ ਸਿਧਾਂਤ ਰਾਹੀਂ ਗੁਰੂ ਜੀ ਨੇ ਮਨੁੱਖੀ ਬਰਾਬਰਤਾ ਦੀ ਗੱਲ ਕੀਤੀ। ਗੁਰੂ ਜੀ ਨੇ ਸੱਚ ਦੇ ਪਾਂਧੀ ਬਣ ਇਕ ਪਰਮਾਤਮਾਂ ਦਾ ਸਿਮਰਨ ਕਰਦਿਆਂ ਮਨੁੱਖੀ ਜੀਵਨ ਨੂੰ ਸਵਾਰਨ ਲਈ ਪ੍ਰੇਰਿਆ। ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ ਇਸ ਸਾਲ ਆ ਰਹੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਉਨ੍ਹਾਂ ਵੱਲੋਂ ਬਖਸ਼ੇ ਮਨੁੱਖਤਾ ਲਈ ਕਲਿਆਣਕਾਰੀ ਅਨਮੁੱਲੇ ਸਿਧਾਂਤਾ ਦਾ ਘਰ-ਘਰ ਤੱਕ ਪ੍ਰਚਾਰ ਕਰਨਾ ਸਾਡਾ ਸਾਰਿਆਂ ਦਾ ਫਰਜ਼ ਬਣਦਾ ਹੈ। ਸਿੱਖ ਪੰਥ ਦੀ ਨੁਮਾਇੰਦਾ ਜਥੇਬੰਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਦੇਸ਼ ਵਿਦੇਸ਼ ਤੱਕ ਗੁਰਮਤਿ ਸਮਾਗਮਾਂ ਦੀ ਲੜੀ ਅਰੰਭੀ ਗਈ ਹੈ ਜੋ ਨਿਰੰਤਰ ਜਾਰੀ ਹੈ। ਹੁਣ ਤੱਕ ਕੀਤੇ ਗਏ ਗੁਰਮਤਿ ਸਮਾਗਮ ਸੰਗਤਾਂ ਉਪਰ ਆਪਣਾ ਪ੍ਰਭਾਵ ਛੱਡਦੇ ਦਿਖਾਈ ਦਿੰਦੇ ਹਨ।

24 ਮਈ ਤੋਂ ਲੈ ਕੇ 28 ਮਈ ਤੱਕ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚਲਦੇ ਸਕੂਲਾਂ ਦਾ ਗੁਰਮਤਿ ਸਿਖਲਾਈ ਸਮਰ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ 1400 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਇਸੇ ਤਰ੍ਹਾਂ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਵੱਲੋਂ ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਸਥਾਨਾਂ ਤੇ ਗੁਰਮਤਿ ਕੈਂਪਾਂ ਰਾਹੀਂ ਬੱਚਿਆਂ ਨੂੰ ਗੁਰਮਤਿ ਨਾਲ ਜੋੜਨ ਲਈ ਉਪਰਾਲੇ ਕੀਤੇ ਗਏ। ਵੱਖ-ਵੱਖ ਸਥਾਨਾ ਤੇ ਲੱਗੇ ਇਨ੍ਹਾਂ ਕੈਂਪਾਂ ਵਿਚ ਬੱਚਿਆਂ ਨੇ ਭਾਰੀ ਉਤਸ਼ਾਹ ਨਾਲ ਭਾਗ ਲਿਆ।

ਜੂਨ ਮਹੀਨੇ ਵਿਚ ਸਕੂਲਾਂ ਅੰਦਰ ਬੱਚਿਆਂ ਨੂੰ ਛੁੱਟੀਆਂ ਹੁੰਦੀਆਂ ਹਨ। ਇਨ੍ਹਾਂ ਛੁੱਟੀਆਂ ਦਾ ਸਹੀ ਲਾਹਾ ਲਿਆ ਜਾ ਸਕੇ ਇਸ ਮਕਸਦ ਦੀ ਪੂਰਤੀ ਲਈ ਸ੍ਰੀ ਗੁਰੂ ਨਾਨਕ ਸਾਹਿਬ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਬੱਚਿਆਂ ਨੂੰ ਧਰਮ ਦੇ ਮੁੱਢਲੇ ਸਿਧਾਂਤਾ ਤੋਂ ਜਾਣੂ ਕਰਵਾਉਣ ਲਈ ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਹਿਸਿਆ ਵਿਚ ਲਗਾਏ ਜਾ ਰਹੇ ਇਨ੍ਹਾਂ ਗੁਰਮਤਿ ਕੈਂਪਾਂ ਵਿਚ ਬੱਚਿਆਂ ਨੂੰ ਗੁਰਬਾਣੀ, ਗੁਰ-ਇਤਿਹਾਸ, ਸਿੱਖ ਰਹਿਤ ਮਰਿਯਾਦਾ ਅਤੇ ਸਿੱਖ ਸਿਧਾਤਾਂ ਦੀ ਜਾਣਕਾਰੀ ਦਿੱਤੀ ਜਾਵੇਗੀ। ਇਸ ਦੇ ਨਾਲ ਹੀ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾ ਕੇ ਬੱਚਿਆਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਜਤਨ ਕੀਤਾ ਜਾਵੇਗਾ। ਇਨ੍ਹਾਂ ਕੈਂਪਾਂ ਵਿਚ ਇੱਕ ਲੱਖ ਤੋਂ ਉਪਰ ਬਚਿਆਂ ਨੂੰ ਸ਼ਾਮਲ ਕਰਨ ਦਾ ਟੀਚਾ ਮਿਥਿਆ ਗਿਆ। ਵੱਧ ਤੋਂ ਵੱਧ ਬੱਚਿਆਂ ਤੱਕ ਸਿੱਖ ਧਰਮ ਦੀ ਸਿੱਖਿਆ ਪਹੁੰਚ ਸਕੇ ਇਸ ਲਈ ਸਾਰਿਆਂ ਨੂੰ ਕੈਂਪਾਂ ਵਿਚ ਸਹਿਯੋਗੀ ਬਣਨਾ ਚਾਹੀਦਾ ਹੈ।

-ਬਲਵਿੰਦਰ ਸਿੰਘ ਜੌੜਾਸਿੰਘਾ



ਸਿੱਖ ਮਿਸ਼ਨ ਹਾਪੜ ਤੇ ਸਿੱਖ ਮਿਸ਼ਨ ਕਾਂਸ਼ੀਪੁਰ ਵੱਲੋਂ ਮੀਰੀ ਪੀਰੀ ਖਾਲਸਾ ਅਕੈਡਮੀ ਨਵਾਬ ਗੰਜ ਵਿਖੇ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਦੀ ਤਸਵੀਰ।

# 550ਵੇਂ ਪ੍ਰਕਾਸ਼ ਪੁਰਬ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਜਾਣ ਵਾਲੇ 'ਅੰਤਰ ਧਰਮ ਸੰਵਾਦ ਸੰਮੇਲਨ' ਦੀ ਜ਼ੁੰਮੇਵਾਰੀ ਭਾਈ ਮਹਿੰਦਰ ਸਿੰਘ ਨਿਭਾਉਣਗੇ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ (ਯੂ.ਕੇ.) ਦੇ ਮੁਖੀ ਭਾਈ ਮਹਿੰਦਰ ਸਿੰਘ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਕਰਵਾਏ ਜਾਣ ਵਾਲੇ ਅੰਤਰ ਧਰਮ ਸੰਵਾਦ ਸੰਮੇਲਨ ਦੀ ਜ਼ੁੰਮੇਵਾਰੀ ਸੌਂਪੀ ਹੈ। ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ ਭਾਈ ਮਹਿੰਦਰ ਸਿੰਘ ਨੂੰ ਸਿੱਖੀ ਦੀ ਚੜ੍ਹਦੀ ਕਲਾ ਲਈ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਦਲੇ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਸਨਮਾਨਿਤ ਕੀਤਾ ਅਤੇ ਅੰਤਰ ਧਰਮ ਸੰਵਾਦ ਸੰਮੇਲਨ ਵਿਚ ਵੱਖ-ਵੱਖ ਧਰਮ ਆਗੂਆਂ ਦੀ ਸ਼ਮੂਲੀਅਤ ਲਈ ਉਨ੍ਹਾਂ ਨਾਲ ਰਾਬਤਾ ਬਣਾਉਣ ਦੀ ਜ਼ੁੰਮੇਵਾਰੀ ਦਿੱਤੀ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਭਾਈ ਮਹਿੰਦਰ ਸਿੰਘ ਨਾਲ ਅੰਤਰ ਧਰਮ ਸੰਵਾਦ ਸੰਮੇਲਨ ਨੂੰ ਲੈ ਕੇ ਬੈਠਕ ਵੀ ਕੀਤੀ। ਦੱਸਣਯੋਗ ਹੈ ਕਿ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਵੱਲੋਂ ਜਿਥੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੋਨੇ ਦੀ ਚਮਕ ਲਈ ਕੁਦਰਤੀ ਢੰਗ ਨਾਲ ਸੇਵਾ ਕਰਵਾਈ ਜਾਂਦੀ ਹੈ, ਉਥੇ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੁਲਤਾਨਪੁਰ ਲੋਧੀ ਵਿਖੇ ਗੁਰਦੁਆਰਾ ਸੰਤ ਘਾਟ ਨਜ਼ਦੀਕ ਮੂਲ ਮੰਤਰ ਅਸਥਾਨ ਦਾ ਨਿਰਮਾਣ ਕਾਰਜ ਕਰਵਾਇਆ ਜਾ ਰਿਹਾ ਹੈ। ਭਾਈ ਮਹਿੰਦਰ ਸਿੰਘ ਜੋ ਨਿਰਮਾਣ ਅਧੀਨ ਮੂਲ ਮੰਤਰ ਅਸਥਾਨ ਦੀ ਪਹਿਲੀ ਮੰਜ਼ਲ ਦੇ ਲੈਂਟਰ ਦੀ ਸੇਵਾ 'ਚ ਸ਼ਾਮਲ ਹੋਣ ਲਈ ਇਥੇ ਪੁੱਜੇ ਸਨ ਨੇ ਭਾਈ ਲੌਂਗੋਵਾਲ ਨਾਲ ਮੁਲਾਕਾਤ ਕੀਤੀ ਅਤੇ ਚੱਲ ਰਹੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਵੱਲੋਂ ਭਾਈ ਮਹਿੰਦਰ ਸਿੰਘ ਨੂੰ ਸ਼ਤਾਬਦੀ ਮੌਕੇ ਕਰਵਾਏ ਜਾਣ ਵਾਲੇ ਅੰਤਰ ਧਰਮ ਸੰਵਾਦ ਸੰਮੇਲਨ ਦੀ ਜ਼ੁੰਮੇਵਾਰੀ ਦੇਣ ਮਗਰੋਂ ਉਨ੍ਹਾਂ ਨੇ ਇਸ ਸਮਾਗਮ ਦੀ ਰੂਪ-ਰੇਖਾ ਸਬੰਧੀ ਭਾਈ ਸਾਹਿਬ ਨਾਲ ਵਿਚਾਰ-ਵਟਾਂਦਰਾ ਕੀਤਾ ਹੈ। ਉਨ੍ਹਾਂ ਦੱਸਿਆ ਕਿ ਅੰਤਰ ਧਰਮ ਸੰਵਾਦ ਸੰਮੇਲਨ ਵਿਚ ਭਾਰਤ ਤੋਂ ਇਲਾਵਾ ਵੱਖ-ਵੱਖ ਦੇਸ਼ਾਂ ਤੋਂ ਧਰਮ ਆਗੂਆਂ ਨੂੰ ਸੱਦੇ ਭੇਜੇ ਜਾਣਗੇ ਅਤੇ ਇਸ ਕਾਰਜ ਲਈ ਨਿਸ਼ਕਾਮ ਸੇਵਕ ਜਥਾ ਦੇ ਮੁਖੀ ਭਾਈ ਮਹਿੰਦਰ ਸਿੰਘ ਵਿਸ਼ੇਸ਼ ਭੂਮਿਕਾ ਨਿਭਾਉਣਗੇ। ਉਨ੍ਹਾਂ ਦੱਸਿਆ ਕਿ ਭਾਈ ਮਹਿੰਦਰ ਸਿੰਘ ਸਿੱਖ ਧਰਮ ਦੀ ਪਛਾਣ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਫੈਲਾਉਣ ਲਈ ਨਿਰੰਤਰ ਕਾਰਜਸ਼ੀਲ ਹਨ ਅਤੇ ਉਹ ਅਕਸਰ ਹੀ ਵੱਖ-ਵੱਖ ਧਰਮਾਂ ਦੀਆਂ ਸਭਾਵਾਂ ਵਿਚ ਸਿੱਖ ਧਰਮ ਦੇ ਨੁਮਾਇੰਦੇ ਵਜੋਂ ਸ਼ਿਰਕਤ ਕਰਦੇ ਰਹਿੰਦੇ ਹਨ। ਉਨ੍ਹਾਂ ਦੇ ਇਸ ਤਾਲਮੇਲ ਕਰਕੇ ਹੀ ਸ਼੍ਰੋਮਣੀ ਕਮੇਟੀ ਵੱਲੋਂ ਉਨ੍ਹਾਂ ਨੂੰ ਵੱਖ-ਵੱਖ ਧਰਮਾਂ ਦੇ ਨੁਮਾਇੰਦਿਆਂ ਨਾਲ ਅੰਤਰ ਧਰਮ ਸੰਵਾਦ ਸੰਮੇਲਨ ਸਬੰਧੀ ਰਾਬਤਾ ਬਣਾਉਣ ਦੀ ਜ਼ੁੰਮੇਵਾਰੀ ਦਿੱਤੀ ਗਈ ਹੈ। ਭਾਈ ਲੌਂਗੋਵਾਲ ਵੱਲੋਂ ਭਾਈ ਮਹਿੰਦਰ ਸਿੰਘ ਨੂੰ ਸਨਮਾਨਿਤ ਕਰਨ ਮੌਕੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਗੁਰਮੀਤ ਸਿੰਘ ਬੂਹ, ਸ. ਸੁਖਵਰਸ਼ ਸਿੰਘ ਪੰਨੂ, ਸਕੱਤਰ ਸ. ਮਨਜੀਤ ਸਿੰਘ ਬਾਠ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਦਾ ਨਤੀਜਾ ਜਾਰੀ

## ਬੀਬੀ ਗੁਰਪ੍ਰੀਤ ਕੌਰ ਤੇ ਬੀਬੀ ਦਲਜੀਤ ਕੌਰ ਨੇ ਪਹਿਲਾ, ਬੀਬੀ ਗੁਰਜੀਤ ਕੌਰ ਨੇ ਦੂਜਾ ਤੇ ਭਾਈ ਬਲਵਿੰਦਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸੰਗਤ ਨੂੰ ਸਿੱਖ ਧਰਮ ਦੀ ਮੁੱਢਲੀ ਜਾਣਕਾਰੀ ਦੇਣ ਲਈ ਚਲਾਏ ਜਾ ਰਹੇ ਦੋ ਸਾਲਾ 'ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ' ਦੇ ਸੈਸ਼ਨ 2017-2019 ਦਾ ਨਤੀਜਾ ਐਲਾਨ ਦਿੱਤਾ ਗਿਆ ਹੈ। ਇਹ ਨਤੀਜਾ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਮਨਜੀਤ ਸਿੰਘ ਬਾਠ ਅਤੇ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਸਾਂਝੇ ਤੌਰ 'ਤੇ ਜਾਰੀ ਕੀਤਾ। ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਨਤੀਜਾ ਜਾਰੀ ਕਰਨ ਸਮੇਂ ਸ. ਮਹਿੰਦਰ ਸਿੰਘ ਆਹਲੀ ਤੇ ਸ. ਮਨਜੀਤ ਸਿੰਘ ਬਾਠ ਨੇ ਆਖਿਆ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਧਰਮ ਪ੍ਰਚਾਰ ਕਮੇਟੀ ਵੱਲੋਂ ਧਾਰਮਿਕ ਪ੍ਰੀਖਿਆ ਦੇ ਨਾਲ-ਨਾਲ ਪੱਤਰ ਵਿਹਾਰ ਕੋਰਸ ਰਾਹੀਂ ਵੀ ਸੰਗਤ ਨੂੰ ਗੁਰਬਾਣੀ, ਸਿੱਖ ਇਤਿਹਾਸ ਅਤੇ ਸਿੱਖ ਸਿਧਾਂਤਾਂ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਆਮ ਸੰਗਤਾਂ ਲਈ ਸ਼ੁਰੂ ਕੀਤਾ ਗਿਆ ਸੀ, ਜਿਸ ਨੂੰ ਹੁਣ ਤੱਕ ਭਰਵਾਂ ਹੁੰਗਾਰਾ ਪ੍ਰਾਪਤ ਹੋਇਆ ਹੈ ਅਤੇ ਹਰ ਸਾਲ ਇਹ ਪ੍ਰੀਖਿਆ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਦਿੱਤੀ ਜਾਂਦੀ ਹੈ।

ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਦੱਸਿਆ ਕਿ ਇਸ ਵਾਰ ਯੂ.ਪੀ. ਦੇ ਬਿਜਨੌਰ ਤੋਂ ਬੀਬੀ ਗੁਰਪ੍ਰੀਤ ਕੌਰ ਤੇ ਹੁਸ਼ਿਆਰਪੁਰ ਦੀ ਬੀਬੀ ਦਲਜੀਤ ਕੌਰ ਨੇ ਪਹਿਲਾ, ਕਪੂਰਥਲਾ ਦੀ ਬੀਬੀ ਗੁਰਜੀਤ ਕੌਰ ਨੇ ਦੂਜਾ ਅਤੇ ਹਿਮਾਚਲ ਪ੍ਰਦੇਸ਼ ਦੇ ਊਨਾ ਤੋਂ ਭਾਈ ਬਲਵਿੰਦਰ ਸਿੰਘ ਨੇ ਤੀਜਾ ਸਥਾਨ ਹਾਸਲ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪਹਿਲੇ ਤਿੰਨ ਸਥਾਨਾਂ 'ਤੇ ਰਹਿਣ ਵਾਲੇ ਪ੍ਰੀਖਿਆਰਥੀਆਂ ਨੂੰ ਕ੍ਰਮਵਾਰ 5100, 4100 ਤੇ 3100 ਰੁਪਏ ਦੀ ਇਨਾਮੀ ਰਾਸ਼ੀ ਨਾਲ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਸਨਮਾਨਿਤ ਕੀਤਾ ਜਾਵੇਗਾ। ਇਸ ਤਰ੍ਹਾਂ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਕੇ ਮੈਰਿਟ ਵਿਚ ਆਉਣ ਵਾਲੇ ਪ੍ਰੀਖਿਆਰਥੀਆਂ ਨੂੰ 1100-1100 ਰੁਪਏ ਦੇ ਵਿਸ਼ੇਸ਼ ਇਨਾਮ ਦਿੱਤੇ ਜਾਣਗੇ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਐਡੀਸ਼ਨਲ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਪੱਤਰ ਵਿਹਾਰ ਕੋਰਸ ਦੇ ਇੰਚਾਰਜ ਪ੍ਰੋ. ਸੁਖਦੇਵ ਸਿੰਘ ਤੇ ਹੋਰ ਹਾਜ਼ਰ ਸਨ।

# ਭਾਈ ਨੰਦ ਲਾਲ ਪਬਲਿਕ ਸਕੂਲ ਵਿਖੇ 5 ਦਿਨਾ ਗੁਰਮਤਿ ਸਮਰ ਕੈਂਪ ਲਗਾਇਆ






ਸ੍ਰੀ ਅਨੰਦਪੁਰ ਸਾਹਿਬ - ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਸਮਾਗਮਾਂ ਦੇ ਨਾਲ-ਨਾਲ ਆਪਣੇ ਸਕੂਲਾਂ/ਕਾਲਜਾਂ ਅੰਦਰ ਪੜ੍ਹਦੇ ਵਿਦਿਆਰਥੀਆਂ ਨੂੰ ਸਿੱਖੀ ਨਾਲ ਜੋੜਨ ਲਈ ਸਮੇਂ-ਸਮੇਂ ਗੁਰਮਤਿ ਕੈਂਪਾਂ ਦਾ ਆਯੋਜਨ ਕੀਤਾ ਜਾਂਦਾ ਹੈ। ਇਸੇ ਤਹਿਤ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਬਹਾਦਰਗੜ੍ਹ (ਪਟਿਆਲਾ) ਅਤੇ ਐਮ. ਐਮ. ਏ. ਲਾਇਨਜ਼ ਕਲੱਬ ਇੰਗਲੈਂਡ ਵਲੋਂ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਸਦਕਾ ਸ਼੍ਰੋਮਣੀ ਕਮੇਟੀ ਅਧੀਨ ਚੱਲ ਰਹੇ ਸਕੂਲਾਂ ਦੇ ਲੜਕੇ ਅਤੇ ਲੜਕੀਆਂ ਦੇ ਗੁਰਮਤਿ ਸਿਖਲਾਈ ਸਮਰ ਕੈਂਪ ਭਾਈ ਨੰਦ ਲਾਲ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਲਗਾਇਆ ਗਿਆ। 24 ਮਈ ਤੋਂ 28 ਮਈ ਤੱਕ ਲਗਾਏ ਗਏ ਇਸ ਗੁਰਮਤਿ ਕੈਂਪ ਵਿਚ 1400 ਦੇ ਕਰੀਬ ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ। ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ, ਅਧਿਆਪਕਾਂ ਅਤੇ ਹੋਰ ਵਿਦਵਾਨਾਂ ਨੇ ਬੱਚਿਆਂ ਨੂੰ ਸਰਲ ਸ਼ਬਦਾਂ ਵਿਚ ਗੁਰਬਾਣੀ, ਗੁਰ ਇਤਿਹਾਸ, ਸਿੱਖ ਰਹਿਤ ਮਰਿਯਾਦਾ ਅਤੇ ਸਿੱਖੀ ਸਿਧਾਂਤਾਂ ਬਾਰੇ ਜਾਣਕਾਰੀ ਦਿੱਤੀ।

ਕੈਂਪ ਦੀ ਸਮਾਪਤੀ ਸਮੇਂ ਵਿਸ਼ੇਸ਼ ਤੌਰ 'ਤੇ ਪਹੁੰਚੇ ਡਾਇਰੈਕਟਰ ਸਿੱਖਿਆ ਡਾ. ਤੇਜਿੰਦਰ ਕੌਰ ਧਾਲੀਵਾਲ ਨੇ ਸੰਬੋਧਨ ਹੁੰਦਿਆਂ ਕਿਹਾ ਕਿ ਵਿਦਿਆਰਥੀਆਂ ਦੇ ਨੈਤਿਕ ਗੁਣਾਂ 'ਚ ਵਾਧਾ ਕਰਨ ਲਈ ਅਜਿਹੇ ਕੈਂਪ ਬਹੁਤ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਆਧੁਨਿਕ ਸਮੇਂ 'ਚ ਨੌਜਵਾਨ ਪੀੜ੍ਹੀ ਆਪਣੇ ਇਤਿਹਾਸ ਨੂੰ ਭੁੱਲਦੀ ਜਾ ਰਹੀ ਹੈ, ਇਸ ਲਈ ਜਿੱਥੇ ਇਸ ਕੈਂਪ ਰਾਹੀਂ ਵਿਦਿਆਰਥੀਆਂ ਦੀ ਸ਼ਖ਼ਸੀਅਤ 'ਚ ਵਾਧਾ ਕਰਨ ਦੇ ਨਾਲ-ਨਾਲ ਆਪਣੇ ਗੌਰਵਮਈ ਇਤਿਹਾਸ ਤੋਂ ਵੀ ਜਾਣੂ ਕਰਵਾਇਆ ਜਾ ਰਿਹਾ ਹੈ। ਇਸ ਤੋਂ ਪਹਿਲਾ ਸਕੂਲ ਦੇ ਪ੍ਰਿੰਸੀਪਲ ਸ. ਸਤਨਾਮ ਸਿੰਘ ਨੇ ਕਿਹਾ ਕਿ ਅਜਿਹੇ ਕੈਂਪ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਕਰਨ 'ਚ ਆਪਣਾ ਅਹਿਮ ਰੋਲ ਅਦਾ ਕਰਦੇ ਹਨ।

ਇਸ ਮੌਕੇ ਸਹਾਇਕ ਡਾਇਰੈਕਟਰ ਸਿੱਖਿਆ ਬੀਬੀ ਸਤਵੰਤ ਕੌਰ, ਮੈਨੇਜਰ ਸ. ਜਸਵੀਰ ਸਿੰਘ ਤੋਂ ਇਲਾਵਾ ਸਕੂਲ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

ਮੁੱਖ ਸੰਪਾਦਕ:
ਬਲਵਿੰਦਰ ਸਿੰਘ ਜੌੜਾਸਿੰਘਾ
ਸਹਾਇਕ:
ਜਗਤਾਰ ਸਿੰਘ ਖੋਦੇਬੇਟ
ਪ੍ਰਕਾਸ਼ਕ:
ਸਕੱਤਰ, ਧਰਮ ਪ੍ਰਚਾਰ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।
ਛਾਪਕ:
ਗੋਲਡਨ ਆਫਸੈੱਟ ਪ੍ਰੈਸ,
ਗੁਰਦੁਆਰਾ ਰਾਮਸਰ ਸਾਹਿਬ,
ਸ੍ਰੀ ਅੰਮ੍ਰਿਤਸਰ ਸਾਹਿਬ।

# ਕੈਨੇਡਾ ਤੋਂ ਚੱਲੀ ਮੋਟਰਸਾਈਕਲ ਯਾਤਰਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਪੁੱਜੀ

## ਅਟਾਰੀ ਸਰਹੱਦ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਭਰਵਾਂ ਸਵਾਗਤ, ਸੂਚਨਾ ਕੇਂਦਰ ਵਿਖੇ ਕੀਤਾ ਸਨਮਾਨਿਤ



ਅੰਮ੍ਰਿਤਸਰ- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕੈਨੇਡਾ ਦੇ ਛੇ ਸਿੱਖ ਨੌਜੁਆਨਾਂ ਵੱਲੋਂ ਸਰੀ (ਕੈਨੇਡਾ) ਤੋਂ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੱਕ ਸ਼ੁਰੂ ਕੀਤੀ ਗਈ ਮੋਟਰਸਾਈਕਲ ਯਾਤਰਾ ਵਾਹਗਾ ਅਟਾਰੀ ਸਰਹੱਦ ਰਾਹੀਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜੀ, ਜਿਥੇ ਉਸ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਅਤੇ ਅਧਿਕਾਰੀਆਂ ਨੇ ਅਟਾਰੀ ਸਰਹੱਦ ਵਿਖੇ ਪੁੱਜ ਕੇ ਮੋਟਰਸਾਈਕਲ ਯਾਤਰਾ ਕਰਨ ਵਾਲੇ ਨੌਜੁਆਨਾਂ ਦਾ ਸਿਰੋਪਾਓ ਅਤੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਵਾਗਤ ਕੀਤਾ। ਸਿੱਖ ਮੋਟਰਸਾਈਕਲ ਕਲੱਬ ਕੈਨੇਡਾ ਦੇ ਇਨ੍ਹਾਂ ਨੌਜੁਆਨਾਂ ਵੱਲੋਂ ਇਹ ਯਾਤਰਾ 3 ਅਪ੍ਰੈਲ ਨੂੰ ਕੈਨੇਡਾ ਦੇ ਸ਼ਹਿਰ ਸਰੀ ਤੋਂ ਆਰੰਭ ਹੋਈ ਸੀ, ਜੋ ਵੱਖ-ਵੱਖ ਦੇਸ਼ਾਂ ਤੋਂ ਹੁੰਦੀ ਹੋਈ ਵਾਹਗਾ ਅਟਾਰੀ ਸਰਹੱਦ ਰਾਹੀਂ ਪੰਜਾਬ ਪੁੱਜੀ। ਇਸੇ ਦੌਰਾਨ ਯਾਤਰਾ ਕਰ ਰਹੇ ਸਿੱਖ ਨੌਜੁਆਨਾਂ ਨੇ ਸਿੱਖ ਕੌਮ ਦੇ ਕੇਂਦਰੀ ਧਾਰਮਿਕ ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਅਦਾ ਕੀਤਾ, ਜਿਸ ਮਗਰੋਂ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਗੁਰੂ ਬਖ਼ਸ਼ਿਸ਼ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਅਤੇ ਧਾਰਮਿਕ ਪੁਸਤਕਾਂ ਦੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਹਿਲੇ ਪਾਤਸ਼ਾਹ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਹੋ ਕੇ ਸਿੱਖ ਨੌਜੁਆਨਾਂ ਵੱਲੋਂ ਸਿੱਖ ਵਿਰਸੇ, ਸਿੱਖ ਪਛਾਣ ਅਤੇ ਸਿੱਖਾਂ ਵੱਲੋਂ ਵਿਸ਼ਵ ਪੱਧਰ 'ਤੇ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਸਬੰਧੀ ਜਾਗਰੂਕਤਾ ਫੈਲਾਉਣ ਲਈ ਸਾਰਥਿਕ ਯਤਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਮਾਣ ਦੀ ਗੱਲ ਹੈ ਕਿ ਅੱਜ ਸਿੱਖਾਂ ਨੇ ਵਿਸ਼ਵ ਭਰ ਵਿਚ ਆਪਣੀ ਨਿਆਰੀ ਹੋਂਦ ਹਸਤੀ ਅਤੇ ਮੁੱਲਵਾਨ ਕਦਰਾਂ-ਕੀਮਤਾਂ ਕਰਕੇ ਪਛਾਣ ਬਣਾਈ ਹੈ। ਉਨ੍ਹਾਂ ਨੌਜੁਆਨਾਂ ਦੇ ਉੱਦਮ ਦੀ ਪ੍ਰਸ਼ੰਸਾ ਕਰਦਿਆਂ ਆਸ ਕੀਤੀ ਕਿ ਇਸ ਨਾਲ ਵਿਸ਼ਵ ਭਰ ਵਿਚ ਇਕ ਚੰਗਾ ਸੁਨੇਹਾ ਜਾਵੇਗਾ।

ਇਸ ਦੌਰਾਨ ਮੋਟਰਸਾਈਕਲ ਯਾਤਰਾ ਕਰਨ ਵਾਲੇ ਨੌਜੁਆਨਾਂ ਨੇ ਕਿਹਾ ਕਿ ਉਨ੍ਹਾਂ ਨੂੰ ਗੁਰੂ ਸਾਹਿਬ ਦੇ ਇਤਿਹਾਸਕ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਯਾਤਰਾ ਕਰਕੇ ਬੇਹੱਦ ਪ੍ਰਸੰਨਤਾ ਹੋਈ ਹੈ। ਉਨ੍ਹਾਂ ਆਪਣੇ ਅਨੁਭਵ ਸਾਂਝੇ ਕਰਦਿਆਂ ਦੱਸਿਆ ਕਿ ਇਸ ਯਾਤਰਾ ਦੌਰਾਨ ਜਿਥੇ ਉਨ੍ਹਾਂ ਦਾ ਵੱਖ-ਵੱਖ ਦੇਸ਼ਾਂ ਅੰਦਰ ਭਰਵਾਂ ਸਵਾਗਤ ਅਤੇ ਸਨਮਾਨ ਹੋਇਆ ਹੈ, ਉਥੇ ਹੀ ਵੱਖ-ਵੱਖ ਦੇਸ਼ਾਂ ਅੰਦਰ ਲੋਕਾਂ ਨੇ ਗੁਰੂ ਸਾਹਿਬ ਦੇ ਮੁੱਲਵਾਨ ਸਿਧਾਂਤ ਦੇ ਪ੍ਰਚਾਰ ਪ੍ਰਤੀ ਭਰਵਾਂ ਹੁੰਗਾਰਾ ਦਿੱਤਾ ਹੈ। ਉਨ੍ਹਾਂ ਵੱਖ-ਵੱਖ ਦੇਸ਼ਾਂ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤੇ ਗਏ ਭਰਵੇਂ ਸਵਾਗਤ ਅਤੇ ਸਨਮਾਨ ਲਈ ਧੰਨਵਾਦ ਵੀ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਭਾਈ ਮਨਜੀਤ ਸਿੰਘ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਅਜਾਇਬ ਸਿੰਘ ਅਭਿਆਸੀ, ਬਾਬਾ ਸੇਵਾ ਸਿੰਘ ਖਡੂਰ ਸਾਹਿਬ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਵਧੀਕ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਸ. ਪਰਮਜੀਤ ਸਿੰਘ ਸਰੋਆ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ. ਰਾਜਿੰਦਰ ਸਿੰਘ ਰੂਬੀ, ਸ. ਗੁਰਪ੍ਰਤਾਪ ਸਿੰਘ ਟਿੱਕਾ, ਸ. ਜਸਵਿੰਦਰ ਸਿੰਘ ਜੱਸ ਆਦਿ ਮੌਜੂਦ ਸਨ। ਇਹ ਯਾਤਰਾ 12 ਮਈ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸੰਪੰਨ ਹੋਈ, ਜਿਥੇ ਸ਼੍ਰੋਮਣੀ ਕਮੇਟੀ ਵੱਲੋਂ ਇਨ੍ਹਾਂ ਨੌਜੁਆਨਾਂ ਦਾ ਵਿਸ਼ੇਸ ਸਨਮਾਨ ਕੀਤਾ ਗਿਆ।

# ਪਿੰਡ ਰਿਆੜ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ



ਅਜਨਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਮਾਸਟਰ ਅਮਰੀਕ ਸਿੰਘ ਵਿਛੋਆ ਅੰਤ੍ਰਿੰਗ ਮੈਂਬਰ ਤੇ ਇਲਾਕੇ ਦੀਆ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਲਹਿੰਦੀ ਪੱਤੀ ਪਿੰਡ ਰਿਆੜ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਗੁਰਮਤਿ ਸਮਾਗਮ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਕਾਰ ਸਿੰਘ ਸੂਰੇਪੁਰ ਨੇ ਸੰਗਤਾਂ ਨੂੰ ਗੁਰਬਾਣੀ, ਗੁਰਇਤਿਹਾਸ ਤੇ ਗੁਰਮਤਿ ਸਿਧਾਂਤ ਤੋਂ ਜਾਣੂ ਕਰਵਾਇਆ। ਸ੍ਰੀ ਅਕਾਲ ਤਖਤ ਸਾਹਿਬ ਤੋਂ ਵਿਸ਼ੇਸ ਤੌਰ 'ਤੇ ਪਹੁੰਚੇ ਪੰਜ ਪਿਆਰੇ ਸਾਹਿਬਾਨ ਵੱਲੋਂ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ। ਇਸ ਮੌਕੇ ਅੰਮ੍ਰਿਤ ਸੰਚਾਰ ਸਮੇਂ 34 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਅੰਮ੍ਰਿਤ ਅਭਿਲਾਖੀਆਂ ਨੂੰ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਕਕਾਰ ਭੇਟਾ ਰਹਿਤ ਦਿੱਤੇ ਗਏ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਹਰਜਿੰਦਰ ਸਿੰਘ ਵੱਲੋਂ ਪੰਜ ਪਿਆਰੇ ਸਾਹਿਬਾਨ ਤੇ ਪ੍ਰਚਾਰਕ ਸਿੰਘਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਭਾਈ ਗੁਰਵਿੰਦਰ ਸਿੰਘ ਖੋਦੇਬੇਟ ਪ੍ਰਚਾਰਕ, ਸ. ਹਰਜਿੰਦਰ ਸਿੰਘ ਪ੍ਰਧਾਨ, ਭਾਈ ਜਗਜੀਤ ਸਿੰਘ, ਭਾਈ ਗੁਰਵਿੰਦਰ ਸਿੰਘ ਗ੍ਰੰਥੀ ਤੇ ਭਾਈ ਗੁਰਮੀਤ ਸਿੰਘ ਸਮੇਤ ਸੰਗਤਾਂ ਹਾਜਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੱਛਮੀ ਬੰਗਾਲ ਦੇ ਦੁਰਗਾਪੁਰ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ ਵੱਖ ਸੂਬਿਆਂ ਵਿਚ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਪੱਛਮੀ ਬੰਗਾਲ ਦੇ ਦੁਰਗਾਪੁਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਆਯੋਜਿਤ ਕੀਤਾ ਗਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਹੇਠ ਕਾਰਜਸ਼ੀਲ ਸਿੱਖ ਮਿਸ਼ਨ ਕਲਕੱਤਾ ਤੇ ਸਥਾਨਕ ਸੰਗਤ ਦੇ ਉਦਮ ਨਾਲ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਸੀਨੀਅਰ ਸੈਕੰਡਰੀ ਸਕੂਲ ਦੁਰਗਾਪੁਰ ਵਿਖੇ ਹੋਏ ਇਸ ਗੁਰਮਤਿ ਸਮਾਗਮ ਵਿਚ ਸੰਗਤ ਨੇ ਵੱਡੀ ਗਿਣਤੀ ਵਿਚ ਹਾਜਰੀ ਭਰੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ।

ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨੂੰ ਜੀਵਨ ਦਾ ਹਿੱਸਾ ਬਣਾਉਣ ਲਈ ਸੰਗਤ ਨੂੰ ਪ੍ਰੇਰਿਆ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੇ ਮੁੱਲਵਾਨ ਉਪਦੇਸ਼ ਮਨੁੱਖ ਦੇ ਜੀਵਨ ਨੂੰ ਸੁਖਾਂਵਾਂ ਬਣਾਉਣ ਲਈ ਉੱਤਮ ਹਨ ਅਤੇ ਸਾਡਾ ਫਰਜ ਹੈ ਕਿ ਅਸੀਂ ਗੁਰੂ ਬਖਸ਼ੀ ਜੀਵਨ ਜਾਚ ਨੂੰ ਅਪਣਾ ਕੇ ਸੁਖਮਈ ਜੀਵਨ ਬਤੀਤ ਕਰੀਏ। ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਦੇਸ਼ ਭਰ ਅੰਦਰ ਨਿਰੰਤਰ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਲਈ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸ਼ਲਾਘਾ ਵੀ ਕੀਤੀ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ ਦੇ ਜਥੇ ਨੇ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਅਤੇ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਤੇ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਰਣਜੀਤ ਸਿੰਘ ਗੌਹਰ-ਏ-ਮਸਕੀਨ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਇਤਿਹਾਸ ਤੇ ਗੁਰਮਤਿ ਸਿਧਾਂਤਾਂ ਤੋਂ ਸੰਗਤ ਨੂੰ ਜਾਣੂ ਕਰਵਾਇਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਤੇ ਸਥਾਨਕ ਪ੍ਰਬੰਧਕਾਂ ਵੱਲੋਂ ਸਮਾਗਮ ਵਿਚ ਪੁੱਜੇ ਰਾਗੀ, ਪ੍ਰਚਾਰਕਾਂ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੂੰ ਸਨਮਾਨਿਤ ਕੀਤਾ। ਇਸੇ ਦੌਰਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਵੀ ਦੁਰਗਾਪੁਰ ਦੀਆਂ ਸੰਗਤਾਂ ਵੱਲੋਂ ਸਨਮਾਨਤ ਕੀਤਾ ਗਿਆ।

ਇਸ ਮੌਕੇ ਹੋਰਨਾ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਦੇ ਮੀਤ ਸਕੱਤਰ ਸ. ਕਰਮਬੀਰ ਸਿੰਘ ਕਿਆਮਪੁਰ, ਸਿੱਖ ਮਿਸ਼ਨ ਕਲਕੱਤਾ ਦੇ ਇੰਚਾਰਜ ਸ. ਜਗਮੋਹਨ ਸਿੰਘ, ਸ. ਵਰਿੰਦਰ ਸਿੰਘ ਠਰੂ, ਸ. ਤੇਜਿੰਦਰ ਸਿੰਘ ਬੱਲ, ਸ. ਪਿਆਰਾ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।

# ਲੰਗਰ ਲਈ 101 ਕੁਇੰਟਲ ਕਣਕ ਭੇਟਾ ਕਰਨ ਵਾਲੇ ਪਰਿਵਾਰ ਦਾ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨ



ਅੰਮ੍ਰਿਤਸਰ- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਚ ਰਾਜਸਥਾਨ ਤੋਂ ਆਏ ਗੁਰੂ-ਘਰ ਦੇ ਸ਼ਰਧਾਲੂਆਂ ਵੱਲੋਂ 101 ਕੁਇੰਟਲ ਕਣਕ ਭੇਟਾ ਕਰ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ ਗਿਆ। ਰਾਜਸਥਾਨ ਦੇ ਜਿਲ੍ਹਾ ਹਨੂੰਮਾਨਗੜ੍ਹ ਵਿਚ ਪੈਂਦੇ ਰਾਵਤਸਰ ਤੋਂ ਸ੍ਰੀ ਦਰਬਾਰ ਸਾਹਿਬ ਦੇ ਦਰਸ਼ਨਾ ਲਈ ਪੁੱਜੇ ਸ੍ਰੀ ਸ਼ਿਵ ਭਗਵਾਨ ਜੋਸ਼ੀ ਨੇ ਕਿਹਾ ਕਿ ਦੁਨੀਆ ਅੰਦਰ ਸ੍ਰੀ ਗੁਰੂ ਰਾਮਦਾਸ ਜੀ ਲੰਗਰ ਦੀ ਵੱਡੀ ਮਹੱਤਤਾ ਹੈ। ਇਥੇ ਬਿਨ੍ਹਾਂ ਭੇਦ ਭਾਵ ਦੇ ਲੱਖਾਂ ਸੰਗਤਾਂ ਹਰ ਰੋਜ਼ ਲੰਗਰ ਛਕ ਕੇ ਤ੍ਰਿਪਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਪਾਵਨ ਦਰ ਦੀਆਂ ਰਹਿਮਤਾਂ ਮਨੁੱਖਤਾ ਲਈ ਇਕਸਾਰ ਹਨ ਅਤੇ ਉਹ ਇਥੇ ਸੇਵਾ ਕਰਕੇ ਆਪਣੇ ਆਪ ਨੂੰ ਵਡਭਾਗਾ ਸਮਝਦੇ ਹਨ। ਇਸ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਨਿੱਜੀ ਸਕੱਤਰ ਇੰਜ: ਸੁਖਮਿੰਦਰ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹਰ ਧਰਮ ਦੇ ਸ਼ਰਧਾਲੂ ਆਪਣੀ ਸ਼ਰਧਾ ਲੈ ਕੇ ਪੁੱਜਦੇ ਹਨ ਤੇ ਗੁਰੂ ਸਾਹਿਬ ਦੇ ਅਸ਼ੀਰਵਾਦ ਲਈ ਭੇਟਾਵਾਂ ਵੀ ਅਰਪਿਤ ਕਰਦੇ ਹਨ। ਉਨ੍ਹਾਂ ਕਿਹਾ ਕਿ ਸ਼ਰਧਾ ਨਾਲ ਆਏ ਹੋਏ ਸ਼ਰਧਾਲੂਆਂ ਦੀ ਸਤਿਗੁਰੂ ਜੀ ਸਦਾ ਸਹਾਇਤਾ ਕਰਦੇ ਹਨ। ਉਨ੍ਹਾਂ ਜੋਸ਼ੀ ਪਰਿਵਾਰ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਵੀ ਕੀਤਾ।

## 10 ਤੋਂ 18 ਜੂਨ ਤੱਕ ਕਰਵਾਏ ਜਾਣਗੇ 'ਗਾਵਹੁ ਸਚੀ ਬਾਣੀ' ਭਾਗ ਤਿੰਨ ਦੇ ਅਡੀਸ਼ਨ

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 'ਗਾਵਹੁ ਸਚੀ ਬਾਣੀ' ਭਾਗ ਤਿੰਨ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। 16 ਤੋਂ 25 ਸਾਲ ਉਮਰ ਵਰਗ ਦੇ ਬੱਚੇ ਇਸ ਵਿਚ ਭਾਗ ਲੈ ਸਕਦੇ ਹਨ। ਇਨ੍ਹਾਂ ਮੁਕਾਬਲਿਆਂ ਲਈ ਵੱਖ-ਵੱਖ ਥਾਵਾਂ ਤੇ ਅਡੀਸ਼ਨ ਲਏ ਜਾ ਰਹੇ ਹਨ ਜਿਸ ਤਹਿਤ 10 ਜੂਨ ਨੂੰ ਅੰਮ੍ਰਿਤਸਰ ਅਡੀਸ਼ਨ ਸ੍ਰੀ ਗੁਰੂ ਰਾਮ ਦਾਸ ਮੈਡੀਕਲ ਕਾਲਜ, ਮਹਿਤਾ ਰੋਡ ਵੱਲ੍ਹਾ, ਸ੍ਰੀ ਅੰਮ੍ਰਿਤਸਰ ਵਿਖੇ ਹੋਵੇਗਾ। ਬਠਿੰਡਾ ਅਡੀਸ਼ਨ 12 ਜੂਨ ਨੂੰ ਮਾਤਾ ਸਾਹਿਬ ਕੌਰ ਗਰਲਜ਼ ਕਾਲਜ, ਤਲਵੰਡੀ ਸਾਬੋ, ਬਠਿੰਡਾ ਵਿਖੇ ਰੱਖਿਆ ਗਿਆ ਹੈ। ਇਸੇ ਤਰ੍ਹਾਂ ਦਿੱਲੀ ਅਡੀਸ਼ਨ 15 ਜੂਨ ਨੂੰ ਮਾਤਾ ਸੁੰਦਰੀ ਕਾਲਜ, ਆਈ.ਟੀ.ਓ. ਨਵੀਂ ਦਿੱਲੀ ਵਿਖੇ ਹੋਵੇਗਾ ਜਦਕਿ ਸ੍ਰੀ ਫਤਿਹਗੜ੍ਹ ਸਾਹਿਬ ਅਡੀਸ਼ਨ 18 ਜੂਨ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜੀਅਰਿੰਗ ਕਾਲਜ, ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਹੋਵੇਗਾ। ਇਨ੍ਹਾਂ ਸਾਰੇ ਅਡੀਸ਼ਨਾ ਦਾ ਸਮਾਂ ਸਵੇਰੇ 8 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤੱਕ ਹੋਵੇਗਾ। 'ਗਾਵਹੁ ਸਚੀ ਬਾਣੀ' ਦੇ ਜੇਤੂ ਨੂੰ ਸ਼੍ਰੋਮਣੀ ਗੁ: ਪ੍ਰ: ਕਮੇਟੀ ਵੱਲੋਂ 5 ਲੱਖ ਰੁਪਏ, ਫਸਟ ਰਨਰਅਪ ਨੂੰ ਤਿੰਨ ਲੱਖ ਰੁਪਏ, ਸੈਕੰਡ ਰਨਰਅਪ ਨੂੰ 1 ਲੱਖ ਰੁਪਏ ਅਤੇ ਦੋ ਹੋਰਾਂ ਨੂੰ 50-50 ਹਜਾਰ ਰੁਪਏ ਨਾਲ ਸਨਮਾਨਿਤ ਕੀਤਾ ਜਾਵੇਗਾ।

# 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ

## ਜੰਮੂ ਤੋਂ ਨਗਰ ਕੀਰਤਨ ਦੇ ਰੂਪ ਵਿਚ ਪਹੁੰਚੀਆਂ ਸੰਗਤਾਂ ਨੇ 2100 ਸਾਹਿਜ ਪਾਠਾਂ ਦੇ ਭੋਗ ਪਾਏ






ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰੂ ਨਾਨਕ ਸੇਵਾ ਚੈਰੀਟੇਬਲ ਟਰੱਸਟ ਜੰਮੂ ਵੱਲੋਂ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਨ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤ ਨੂੰ ਸੰਬੋਧਨ ਹੁੰਦਿਆਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਪਦੇਸ਼ਾਂ ਨੂੰ ਅਮਲੀ ਜੀਵਨ ਦਾ ਹਿੱਸਾ ਬਣਾਉਣ ਦੀ ਅਪੀਲ ਕੀਤੀ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬ ਜੀ ਦਾ ਪੰਜ ਸੌ ਪੰਜਾਹ ਸਾਲਾ ਪ੍ਰਕਾਸ਼ ਪੁਰਬ ਸਾਡੇ ਸਮਿਆਂ ਅੰਦਰ ਆਉਣਾ ਸਾਡੀ ਖੁਸ਼ਨਸੀਬੀ ਹੈ ਅਤੇ ਇਸ ਇਤਿਹਾਸਕ ਪੁਰਬ ਨੂੰ ਯਾਦਗਾਰੀ ਬਣਾਉਣ ਲਈ ਸਮੁੱਚੀ ਕੌਮ ਨੂੰ ਹੀ ਪ੍ਰਚਾਰਕ ਬਣ ਕੇ ਸਿੱਖੀ ਪ੍ਰਚਾਰ ਲਈ ਕਾਰਜਸ਼ੀਲ ਹੋਣਾ ਚਾਹੀਦਾ ਹੈ। ਉਨ੍ਹਾਂ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਪੰਜਾਬ ਦੇ ਨਾਲ ਨਾਲ ਵੱਖ ਵੱਖ ਸੂਬਿਆਂ ਅੰਦਰ ਆਰੰਭੀ ਗਈ ਗੁਰਮਤਿ ਸਮਾਗਮਾਂ ਦੀ ਲੜੀ ਨੂੰ ਸ਼ਲਾਘਾਯੋਗ ਕਰਾਰ ਦਿੱਤਾ। ਇਸ ਮੌਕੇ ਜੰਮੂ ਕਸ਼ਮੀਰ ਦੇ ਸਿੱਖ ਆਗੂ ਮਹੰਤ ਮਨਜੀਤ ਸਿੰਘ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਤਰਲੋਚਨ ਸਿੰਘ ਵਜੀਰ ਜੰਮੂ ਨੇ ਵੀ ਸੰਬੋਧਨ ਕੀਤਾ ਤੇ ਸੰਗਤ ਨੂੰ ਬਾਣੀ ਤੇ ਬਾਣੇ ਨਾਲ ਜੁੜਨ ਦੀ ਪ੍ਰੇਰਣਾ ਕੀਤੀ। ਇਸ ਤੋਂ ਇਲਾਵਾ ਭਾਈ ਜਗਤਾਰ ਸਿੰਘ ਜੰਮੂ ਦੇ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਸਮਾਗਮ ਦੌਰਾਨ ਕੌਣ ਬਣੇਗਾ ਗੁਰਸਿੱਖ ਪਿਆਰਾ ਪ੍ਰੋਗਰਾਮ ਵਿੱਚੋਂ ਅੱਵਲ ਆਏ 50 ਬੱਚਿਆਂ ਨੂੰ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ 10-10 ਹਜਾਰ ਰੁਪਏ ਦੇ ਚੈੱਕ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਤੋਂ ਪਹਿਲਾਂ 2100 ਸਹਿਜਪਾਠਾਂ ਦੇ ਭੋਗ ਪਾਏ ਗਏ, ਜੋ ਵੱਖ ਵੱਖ ਸੂਬਿਆਂ ਦੇ ਗੁਰਸਿੱਖ ਪਰਿਵਾਰਾਂ ਵੱਲੋਂ ਕੀਤੇ ਗਏ ਸਨ। ਇਥੇ ਦੱਸਣਯੋਗ ਹੈ ਕਿ ਸਹਿਜਪਾਠ ਕਰਨ ਵਾਲੀਆਂ ਸੰਗਤਾਂ ਜੰਮੂ ਤੋਂ ਨਗਰ ਕੀਰਤਨ ਦੇ ਰੂਪ ਵਿਚ ਖਾਲਸਾਈ ਜਾਹੋ ਜਲਾਲ ਨਾਲ ਇਥੇ ਪੁੱਜੀਆਂ। ਇਸ ਮੌਕੇ ਹੋਰਨਾ ਤੋਂ ਇਲਾਵਾ ਧਰਮ ਪ੍ਰਾਚਰ ਕਮੇਟੀ ਦੇ ਮੈਂਬਰ ਸ. ਸੁਖਵਰਸ਼ ਸਿੰਘ ਪੰਨੂ, ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਮੈਂਬਰ ਸ. ਜਗਸੀਰ ਸਿੰਘ ਮਾਂਗੇਆਣਾ, ਮੈਨੇਜਰ ਸ. ਜਸਵਿੰਦਰ ਸਿੰਘ ਦੀਨਪੁਰ, ਵਧੀਕ ਮੈਨੇਜਰ ਸ. ਰਾਜਿੰਦਰ ਸਿੰਘ ਰੂਬੀ ਅਟਾਰੀ, ਭਾਈ ਅਜੀਤ ਸਿੰਘ ਗੁਹਾਟੀ, ਸ. ਗੁਰਮੀਤ ਸਿੰਘ ਛੱਤੀਸਗੜ੍ਹ, ਭਾਈ ਹਰਭਿੰਦਰ ਸਿੰਘ ਪ੍ਰਚਾਰਕ, ਭਾਈ ਮੋਹਣ ਸਿੰਘ, ਭਾਈ ਮਨਜੀਤ ਸਿੰਘ ਪ੍ਰਚਾਰਕ ਆਦਿ ਮੌਜੂਦ ਸਨ।

# ਸਰਹਿੰਦ ਫਤਹਿ ਦਿਵਸ ਮੌਕੇ ਚੱਪੜਚਿੜੀ ਤੋਂ ਸ੍ਰੀ ਫ਼ਤਹਿਗੜ੍ਹ ਸਾਹਿਬ ਤਕ ਫ਼ਤਹਿ ਮਾਰਚ ਆਯੋਜਿਤ

## ਨਿਹੰਗ ਸਿੰਘ ਜਥੇਬੰਦੀਆਂ, ਸਭਾ ਸੁਸਾਇਟੀਆਂ ਤੇ ਸੰਗਤਾਂ ਨੇ ਕੀਤੀ ਭਰਵੀਂ ਸ਼ਮੂਲੀਅਤ



ਸ੍ਰੀ ਫਤਹਿਗੜ੍ਹ ਸਾਹਿਬ- ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਸਰਹਿੰਦ ਫ਼ਤਹਿ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਹੰਗ ਸਿੰਘ ਜਥੇਬੰਦੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਫਤਹਿ ਜੰਗ ਸਾਹਿਬ ਚੱਪੜਚਿੜੀ ਤੋਂ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਤੀਕ ਵਿਸ਼ਾਲ ਫ਼ਤਹਿ ਮਾਰਚ ਆਯੋਜਿਤ ਕੀਤਾ ਗਿਆ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪਾਵਨ ਸਰੂਪ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਕਰਨੈਲ ਸਿੰਘ ਪੰਜੋਲੀ ਨੇ ਸੁਨਹਿਰੀ ਪਾਲਕੀ ਵਿਚ ਸੁਸ਼ੋਭਿਤ ਕੀਤਾ। ਫ਼ਤਹਿ ਮਾਰਚ ਵਿੱਚ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ, ਬੈਂਡ ਤੇ ਗੱਤਕਾ ਪਾਰਟੀਆਂ ਨੇ ਖਾਲਸਾਈ ਜਾਹੋ-ਜਲਾਲ ਨਾਲ ਸ਼ਮੂਲੀਅਤ ਕੀਤੀ। ਆਰੰਭਤਾ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸਜੇ ਧਾਰਮਿਕ ਦੀਵਾਨ ਵਿਚ ਰਾਗੀ, ਢਾਡੀ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ।

ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਕੀਤੀ ਗਈ ਸਰਹਿੰਦ ਫਤਹਿ ਦੇ ਇਤਿਹਾਸ ਨੂੰ ਸੰਗਤ ਨਾਲ ਸਾਂਝਾ ਕਰਦਿਆਂ ਉਨ੍ਹਾਂ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਆਖਿਆ ਕਿ ਜਾਲਿਮ ਮੁਗਲ ਹਕੂਮਤ ਨੂੰ ਤਬਾਹ ਕਰ ਕੇ ਖਾਲਸਾ ਰਾਜ ਸਥਾਪਿਤ ਕਰਨ ਵਾਲੇ ਬਾਬਾ ਬੰਦਾ ਸਿੰਘ ਬਹਾਦਰ ਵੱਲੋਂ ਸਰਹਿੰਦ ਫਤਹਿ ਦਾ ਇਤਿਹਾਸ ਸਿੱਖ ਕੌਮ ਲਈ ਅਹਿਮ ਹੈ ਅਤੇ ਇਸ ਇਤਿਹਾਸ ਨੂੰ ਦੁਨੀਆ ਸਾਹਮਣੇ ਰੂਪਮਾਨ ਕਰਨ ਲਈ ਹਰ ਸਾਲ ਚੱਪੜਚਿੜੀ ਦੇ ਅਸਥਾਨ ਤੋਂ ਮਹਾਨ ਫਤਹਿ ਮਾਰਚ ਸਜਾਇਆ ਜਾਂਦਾ ਹੈ।

ਇਸ ਮੌਕੇ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ ਨੇ ਸ਼੍ਰੋਮਣੀ ਕਮੇਟੀ ਵੱਲੋਂ ਹਰ ਸਾਲ ਸਰਹਿੰਦ ਫਤਹਿ ਦਿਵਸ ਮੌਕੇ ਫਤਹਿ ਮਾਰਚ ਦੀ ਪਰੰਪਰਾ ਜਾਰੀ ਰੱਖੇ ਜਾਣ ਦੀ ਸ਼ਲਾਘਾ ਕੀਤੀ ਅਤੇ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਪੂਰਨ ਸਹਿਯੋਗ ਦਿੰਦੇ ਰਹਿਣ ਦਾ ਭਰੋਸਾ ਦਿੱਤਾ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਪਹਿਲੇ ਪਾਤਸ਼ਾਹ ਜੀ ਦੇ 550ਵੇਂ ਪ੍ਰਕਾਸ਼ ਪੁਰਬ ਸਬੰਧੀ ਵੱਖ ਵੱਖ ਸੂਬਿਆਂ ਵਿਚ ਨਿਰੰਤਰ ਕਰਵਾਏ ਜਾ ਰਹੇ ਗੁਰਮਤਿ ਸਮਾਗਮਾਂ ਦੀ ਵੀ ਪ੍ਰਸੰਸਾ ਕੀਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਪਰਮਜੀਤ ਕੌਰ ਲਾਂਡਰਾਂ ਨੇ ਸੰਬੋਧਨ ਕਰਦਿਆਂ ਫਤਹਿ ਮਾਰਚ ਵਿਚ ਪੁੱਜੀਆਂ ਪ੍ਰਮੁੱਖ ਸ਼ਖ਼ਸੀਅਤਾਂ ਤੇ ਸੰਗਤਾਂ ਦਾ ਭਾਈ ਲੌਂਗੋਵਾਲ ਤਰਫੋਂ ਧੰਨਵਾਦ ਕੀਤਾ।

ਗੁਰਦੁਆਰਾ ਫ਼ਤਹਿ-ਏ-ਜੰਗ ਸਾਹਿਬ ਚੱਪੜਚਿੜੀ ਤੋਂ ਸਜਾਇਆ ਗਿਆ ਫਤਹਿ ਮਾਰਚ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਵਿਖੇ ਖ਼ਾਲਸਈ ਸ਼ਾਨੋ-ਸ਼ੌਕਤ ਨਾਲ ਸੰਪੰਨ ਹੋਇਆ। ਇਸ ਦੌਰਾਨ ਸਰਹਿੰਦ ਫ਼ਤਹਿ ਨਾਲ ਸਬੰਧਤ ਇਤਿਹਾਸਕ ਥੇਹ ਵਿਖੇ ਬਾਬਾ ਬਲਬੀਰ ਸਿੰਘ ਦੀ ਅਗਵਾਈ ਵਿਚ ਨਿਹੰਗ ਸਿੰਘ ਦਲਾਂ ਵੱਲੋਂ ਅਰਦਾਸ ਕੀਤੀ ਅਤੇ ਖ਼ਾਲਸਈ ਜੈਕਾਰੇ ਗਜਾ ਕੇ ਸਿੱਖ ਕੌਮ ਦੀ ਚੜ੍ਹਦੀ ਕਲਾ ਦੇ ਜਲੌਂ ਦਾ ਪ੍ਰਗਟਾਵਾ ਕੀਤਾ। ਕੌਮ ਦੀ ਚੜ੍ਹਦੀ ਕਲਾ ਦੇ ਪ੍ਰਗਟਾਅ ਦੇ ਪ੍ਰਤੀਕ ਫ਼ਤਹਿ ਮਾਰਚ ਵਿਚ ਸਮੂਹ ਨਿਹੰਗ ਸਿੰਘ ਜਥੇਬੰਦੀਆਂ, ਧਾਰਮਿਕ ਸਭਾ ਸੁਸਾਇਟੀਆਂ, ਰਾਜਸੀ, ਸਮਾਜਿਕ ਆਗੂਆਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਖ਼ਾਲਸਾਈ ਜਾਹੋ-ਜਲਾਲ ਨਾਲ ਸ਼ਮੂਲੀਅਤ ਕੀਤੀ। ਚੱਪੜਚਿੜੀ ਤੋਂ ਲੈ ਕੇ ਸ੍ਰੀ ਫਤਹਿਗੜ੍ਹ ਸਾਹਿਬ ਤਕ ਸਾਰੇ ਰਸਤੇ ਵਿਚ ਸੰਗਤ ਵੱਲੋਂ ਵੱਖ-ਵੱਖ ਥਾਈਂ ਲੰਗਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਨਿਰਮੈਲ ਸਿੰਘ ਜੌਲਾਂ, ਸ. ਅਵਤਾਰ ਸਿੰਘ ਰਿਆ, ਅਕਾਲੀ ਆਗੂ ਸ. ਜਗਦੀਪ ਸਿੰਘ ਚੀਮਾ, ਜਥੇਦਾਰ ਸਵਰਨ ਸਿੰਘ ਚਨਾਰਥਲ, ਬਾਬਾ ਤਰਸੇਮ ਸਿੰਘ ਮਹਿਤਾ ਚੌਂਕ, ਸ. ਚਰਨਜੀਤ ਸਿੰਘ ਕਾਲੇਵਾਲ, ਸ. ਰਵਿੰਦਰ ਸਿੰਘ ਖ਼ਾਲਸਾ, ਤਰਨਾ ਦਲ ਵੱਲੋਂ ਬਾਬਾ ਗੱਜਣ ਸਿੰਘ, ਬਾਬਾ ਨਾਗਰ ਸਿੰਘ ਹਰੀਆਂ ਵੇਲਾਂ, ਬਾਬਾ ਜੱਸਾ ਸਿੰਘ ਬੁੱਢਾ ਦਲ, ਬਾਬਾ ਵੱਸਣ ਸਿੰਘ, ਬਾਬਾ ਮੇਜਰ ਸਿੰਘ, ਬਾਬਾ ਮਨਮੋਹਨ ਸਿੰਘ ਬਾਰਨ ਵਾਲੇ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ, ਮੀਤ ਸਕੱਤਰ ਸ. ਸਿਮਰਜੀਤ ਸਿੰਘ ਕੰਗ, ਸ੍ਰੀ ਫਤਹਿਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਭਾਈ ਹਰਪਾਲ ਸਿੰਘ, ਗੁਰਦੁਆਰਾ ਸ੍ਰੀ ਅੰਬ ਸਾਹਿਬ ਮੁਹਾਲੀ ਦੇ ਮੈਨੇਜਰ ਸ. ਅਮਰਜੀਤ ਸਿੰਘ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਮੈਨੇਜਰ ਸ: ਗੁਰਸੇਵਕ ਸਿੰਘ, ਸ. ਕਰਨੈਲ ਸਿੰਘ ਨਾਭਾ, ਸ. ਨੱਥਾ ਸਿੰਘ ਗੁਰਦੁਆਰਾ ਸ੍ਰੀ ਚਮਕੌਰ ਸਾਹਿਬ, ਸ, ਗੁਰਦੀਪ ਸਿੰਘ ਕੰਗ ਗੁਰਦੁਆਰਾ ਮਾਛੀਵਾੜਾ ਸਾਹਿਬ, ਬੀਬੀ ਹਰਬੰਸ ਕੌਰ ਪ੍ਰਧਾਨ ਸੁਖਮਨੀ ਸੁਸਾਇਟੀ, ਸ. ਜਤਿੰਦਰਪਾਲ ਸਿੰਘ ਜੇ.ਪੀ, ਸ. ਸ਼ੇਰ ਸਿੰਘ, ਸ. ਮਨਜੀਤ ਸਿੰਘ ਸਾਬਕਾ ਚੇਅਰਮੈਨ, ਸ. ਜੋਗਾ ਸਿੰਘ ਮੈਨੇਜਰ, ਸ. ਪਰਮਜੀਤ ਸਿੰਘ ਗਿੱਲ, ਭਾਈ ਸੁਰਜੀਤ ਸਿੰਘ, ਗਿਆਨੀ ਹਰਜੋਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮੱਧ ਪ੍ਰਦੇਸ਼ ਦੇ ਜਬਲਪੁਰ ਵਿਖੇ ਗੁਰਮਤਿ ਸਮਾਗਮ



ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਗਵਾਰੀ ਘਾਟ ਜਬਲਪੁਰ (ਮੱਧ ਪ੍ਰਦੇਸ਼) ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਥਾਨਕ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਹੋਏ ਇਸ ਗੁਰਮਤਿ ਸਮਾਗਮ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਜਿਥੇ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨ ਇਤਿਹਾਸ ਤੋਂ ਸੰਗਤ ਨੂੰ ਜਾਣੂ ਕਰਵਾਇਆ, ਉਥੇ ਹੀ ਪਹਿਲੇ ਪਾਤਸ਼ਾਹ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਗੁਰਮਤਿ ਸਮਾਗਮਾਂ ਸਮੇਂ ਭਰਵੀ ਸ਼ਮੂਲੀਅਤ ਕਰਨ ਦੀ ਪ੍ਰੇਰਨਾ ਕੀਤੀ। ਉਨ੍ਹਾਂ ਆਖਿਆ ਕਿ ਇਹ ਇਤਿਹਾਸਕ ਮੌਕਾ ਸਾਡੇ ਸਮਿਆਂ ਅੰਦਰ ਆਉਣਾ ਸਾਡੀ ਖੁਸ਼ਨਸੀਬੀ ਹੈ ਅਤੇ ਸਾਡਾ ਸਭ ਦਾ ਫ਼ਰਜ਼ ਹੈ ਕਿ ਇਨ੍ਹਾਂ ਸਮਾਗਮਾਂ ਨੂੰ ਯਾਦਗਾਰੀ ਬਣਾਉਣ ਲਈ ਵੱਧ ਤੋਂ ਵੱਧ ਸਹਿਯੋਗੀ ਬਣੀਏ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਨਾਮ ਸਿੰਘ ਕੁਹਾੜਕਾ ਨੇ ਸੰਗਤ ਨਾਲ ਗੁਰਮਤਿ ਵਿਚਾਰਾਂ ਅਤੇ ਗੁਰਬਾਣੀ ਕੀਰਤਨ ਦੀ ਸਾਂਝ ਪਾਈ।

ਸਮਾਗਮ ਸਮੇਂ ਗੁਰਦੁਆਰਾ ਸਾਹਿਬ ਗਵਾਰੀ ਘਾਟ ਜਬਲਪੁਰ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ. ਗੁਰਜੀਤ ਸਿੰਘ ਨੇ ਪ੍ਰਮੁੱਖ ਸ਼ਖ਼ਸੀਅਤਾਂ ਤੇ ਸੰਗਤ ਦਾ ਧੰਨਵਾਦ ਕੀਤਾ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਲਈ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਗੁਰਦੁਆਰਾ ਸ਼ਹੀਦਾਂ ਲੱਧੇਵਾਲ ਵਿਖੇ ਗੁਰਮਤਿ ਸਮਾਗਮ

ਮਾਹਿਲਪੁਰ- ਧਰਮ ਪ੍ਰਚਾਰ ਕਮੇਟੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਵਲੋਂ ਮਨਾਏ ਜਾ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਤੇ ਕੀਰਤਨ ਦਰਬਾਰ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਵਿਖੇ ਕਰਵਾਇਆ ਗਿਆ। ਇਸ ਮੌਕੇ ਭਾਈ ਜਗਤਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਹਰਿਮੰਦਰ ਸਾਹਿਬ, ਭਾਈ ਸ਼ੋਕੀਨ ਸਿੰਘ, ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਹਰਮੇਸ਼ ਸਿੰਘ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸ਼ਹੀਦਾਂ ਦੇ ਕੀਰਤਨੀ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਹਾਜਰੀ ਭਰੀ। ਗੁਰਮਤਿ ਸਮਾਗਮ ਵਿਚ ਗਿਆਨੀ ਬਲਦੇਵ ਸਿੰਘ ਪ੍ਰਚਾਰਕ ਧਰਮ ਪ੍ਰਚਾਰ ਕਮੇਟੀ ਤੇ ਭਾਈ ਗੁਰਪ੍ਰੀਤ ਸਿੰਘ ਨੇ ਕਥਾ ਨਾਲ ਸੰਗਤਾ ਨੂੰ ਨਿਹਾਲ ਕੀਤਾ। ਵਿਸ਼ੇਸ਼ ਤੌਰ 'ਤੇ ਪਹੁੰਚੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਤੇ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਗ੍ਰੰਥੀ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ 'ਤੇ ਚਾਨਣਾ ਪਾਇਆ। ਇਸ ਮੌਕੇ ਮੈਂਬਰ ਸ਼੍ਰੋਮਣੀ ਕਮੇਟੀ ਠੇਕੇਦਾਰ ਸੁਰਿੰਦਰ ਸਿੰਘ ਭੁਲੇਵਾਲ ਰਾਠਾਂ, ਬੀਬੀ ਰਣਜੀਤ ਕੌਰ ਮਾਹਿਲਪੁਰੀ, ਡਾ. ਜੰਗ ਬਹਾਦਰ ਰਾਏ ਸਿੰਘ ਤੇ ਸੰਤ ਚਰਨਜੀਤ ਸਿੰਘ ਜੱਸੋਵਾਲ, ਪ੍ਰੋ. ਅਪਿੰਦਰ ਸਿੰਘ, ਸੰਤ ਬਲਵੀਰ ਸਿੰਘ ਖੇੜਾ ਸਮੇਤ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।

# ਹਲਕਾ ਸੁਨਾਮ ਦੇ ਪਿੰਡ ਨੰਗਲਾ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਸੁਨਾਮ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਭਾਈ ਗੋਬਿੰਦ ਸਿੰਘ ਲੌਂਗੋਵਾਲ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਮੈਂਬਰ ਧਰਮ ਪ੍ਰਚਾਰ ਕਮੇਟੀ ਦੀ ਅਗਵਾਹੀ ਹੇਠ ਹਲਕਾ ਸੁਨਾਮ ਦੇ ਪਿੰਡ ਨੰਗਲਾ ਵਿਖੇ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ ਜਿਸ ਵਿੱਚ 70 ਨੌਜਵਾਨਾ, ਬੱਚਿਆਂ ਅਤੇ ਮਾਈਆ ਨੇ ਭਾਗ ਲਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਬੱਚਿਆਂ ਨੂੰ ਗੁਰਬਾਣੀ ਦੀ ਸੰਥਿਆ ਕਰਵਾਈ ਤੇ ਸਿੱਖ ਰਹਿਤ ਮਰਿਆਦਾ ਤੋਂ ਜਾਣੂ ਕਰਵਾਇਆ।

ਇਸ ਦੌਰਾਨ ਭਾਈ ਅਮਰਜੀਤ ਸਿੰਘ ਗੁਰਦੁਆਰਾ ਧਮਤਾਨ ਸਾਹਿਬ ਨੇ ਦਸਤਾਰ ਸਿਖਲਾਈ ਦਿੱਤੀ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਸੋਹਣੀਆਂ ਦਸਤਾਰਾਂ ਅਤੇ ਲੰਮੇ ਕੇਸ ਅਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ ਜਿਹੜੇ ਜਿਹੜੇ ਬੱਚਿਆਂ ਨੇ ਸੋਹਣੀਆਂ ਦਸਤਾਰਾਂ ਸਜਾਈਆਂ ਅਤੇ ਗੁਰਬਾਣੀ ਸੁਣਾਈ ਉਨ੍ਹਾਂ ਬੱਚਿਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਵਿਸ਼ੇਸ਼ ਇਨਾਮ ਦਿੱਤੇ ਗਏ ਅਤੇ ਮਾਤਾ ਪਿਤਾ ਦਾ ਧੰਨਵਾਦ ਕੀਤਾ ਸੰਗਤਾਂ ਨੂੰ ਗੁਰਮਤਿ ਦੇ ਧਾਰਨੀ ਹੋਣ ਦੀ ਪ੍ਰੇਰਨਾ ਕੀਤੀ ਤਰਸੇਮ ਸਿੰਘ ਦੁਗਾਲ ਢਾਡੀ ਨੇ ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਤੇ ਦੀਵਾਨ ਸਜਾਇਆ ਤੇ ਸੰਗਤਾਂ ਨੂੰ ਇਤਿਹਾਸ ਸਰਵਣ ਕਰਵਾਇਆ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਟੇਜ ਦੀ ਸੇਵਾ ਨਿਭਾਈ ਅਤੇ ਹੋਰ ਸਮੂਹ ਪ੍ਰਬੰਧਕ ਸਹਿਬਾਨ ਭਾਈ ਬਘੇਲ ਸਿੰਘ, ਭਾਈ ਅਮਰੀਕ ਸਿੰਘ, ਭਾਈ ਮਨਜੀਤ ਸਿੰਘ, ਸਾਬਕਾ ਸਰਪੰਚ ਭਾਈ ਜਗਦੀਪ ਸਿੰਘ ਜੱਗੀ, ਅਤੇ ਹੋਰ ਪੰਚ ਸਾਹਿਬਾਨ ਅਤੇ ਗੁਰੂ ਕੇ ਵਜ਼ੀਰ ਭਾਈ ਅਵਤਾਰ ਸਿੰਘ ਜੀ ਉਸ ਸਮੇਂ ਮੌਕੇ ਤੇ ਹਾਜ਼ਰ ਸਨ ਤੇ ਸੰਗਤਾਂ ਨੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਤਹਿਦਿਲੋਂ ਧੰਨਵਾਦ ਕੀਤਾ

# ਮਹੀਨੇ ਜੇਠ-ਹਾੜ੍ਹ (ਜੂਨ) ਦੇ ਇਤਿਹਾਸਕ ਦਿਹਾੜੇ

1 ਜੂਨ (ੳ) ਮਹਾਰਾਜਾ ਰਣਜੀਤ ਸਿੰਘ ਨੂੰ 'ਕੋਹਿਨੂਰ ਹੀਰਾ' ਪ੍ਰਾਪਤ ਹੋਇਆ। (1-6-1813)
(ਅ) ਸਿੰਘਾਂ ਦਾ ਸਤਵਾਂ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਵੱਲ ਰਵਾਨਾ ਹੋਇਆ। (1-6-1924)
(ੲ) ਪੰਜਾਬ ਦੇ ਸਕੂਲਾਂ ਵਿਚ ਪੰਜਾਬੀ ਤੇ ਹਿੰਦੀ ਵਿੱਦਿਆ ਦਾ ਮਾਧਿਅਮ ਬਣੀਆਂ। (1-6-1948)
(ਸ) ਭਾਰਤੀ ਫੌਜ ਨੇ ਸ੍ਰੀ ਦਰਬਾਰ ਸਾਹਿਬ 'ਤੇ ਫਾਇਰਿੰਗ ਕੀਤੀ ਜਿਸ ਨਾਲ 11 ਸਿੱਖ ਸ਼ਹੀਦ ਹੋ ਗਏ। (1-6-1984)
2 ਜੂਨ ਮਹਾਰਾਜਾ ਰਣਜੀਤ ਸਿੰਘ ਨੇ ਮੁਲਤਾਨ 'ਤੇ ਕਬਜ਼ਾ ਕਰ ਲਿਆ। (2-6-1818)
3 ਜੂਨ ਭਾਰਤੀ ਫੌਜ ਨੇ ਸਿੱਖਾਂ ਦੇ ਪਵਿੱਤਰ ਸ਼ਹਿਰ ਅੰਮ੍ਰਿਤਸਰ ਨੂੰ ਘੇਰਾ ਪਾ ਲਿਆ ਅਤੇ ਅਣ-ਐਲਾਨਿਆ ਕਰਫਿਊ ਲਾਗੂ ਕਰ ਦਿੱਤਾ। (3-6-1984)
4 ਜੂਨ (ੳ) ਭਾਰਤੀ ਫ਼ੌਜ ਨੇ ਸ੍ਰੀ ਦਰਬਾਰ ਸਾਹਿਬ ਤੇ 120 ਹੋਰ ਗੁਰਦੁਆਰਿਆਂ 'ਤੇ ਹਮਲਾ ਕਰ ਦਿੱਤਾ ਜਿਸ ਕਾਰਨ ਹਜ਼ਾਰਾਂ ਸਿੱਖ ਸ਼ਹੀਦ ਹੋ ਗਏ। ਅਕਾਲੀ ਲੀਡਰਸ਼ਿਪ ਨੂੰ ਜੇਲ੍ਹਾਂ ਵਿਚ ਡੱਕ ਦਿੱਤਾ ਗਿਆ। (4-6-1984)
(ਅ) ਸੰਯੁਕਤ ਰਾਜ ਅਮਰੀਕਾ ਨੇ ਸਿੱਖਾਂ 'ਤੇ ਹੋ ਰਹੀਆਂ ਵਧੀਕੀਆਂ ਦੀ ਨਿੰਦਾ ਕੀਤੀ।(4-6-1987)
5 ਜੂਨ ਭਾਰਤੀ ਫੌਜ ਨੇ ਸਿੱਖਾਂ ਨੂੰ ਸ਼ਹੀਦ ਕਰਨ ਲਈ ਹਮਲੇ ਜਾਰੀ ਰੱਖੇ। ਕਈ ਸਿੱਖਾਂ ਨੂੰ ਪਿੱਠ ਪਿੱਛੇ ਬਾਹਵਾਂ ਬੰਨ੍ਹ ਕੇ ਗੋਲੀਆਂ ਨਾਲ ਭੁੰਨ ਦਿੱਤਾ ਅਤੇ ਕਈਆਂ ਨੂੰ ਗ੍ਰਿਫ਼ਤਾਰ ਕਰਨ ਉਪਰੰਤ ਕਤਲ ਕਰ ਦਿੱਤਾ। (5-6-1984)
6 ਜੂਨ (ੳ) ਭਾਰਤੀ ਫ਼ੌਜ ਨੇ ਸਿੱਖਾਂ ਦੇ ਗੁਰਦੁਆਰਿਆਂ, ਲਾਇਬ੍ਰੇਰੀਆਂ, ਅਜਾਇਬ ਘਰਾਂ 'ਤੇ ਕਬਜ਼ਾ ਕਰ ਲਿਆ ਤੇ ਪਿੱਛੋਂ ਕਈਆਂ ਨੂੰ ਅੱਗ ਲਗਾ ਦਿੱਤੀ। (6-6-1984)
(ਅ) ਸ੍ਰੀ ਦਰਬਾਰ ਸਾਹਿਬ 'ਤੇ ਭਾਰਤੀ ਫ਼ੌਜ ਵੱਲੋਂ ਕੀਤੇ ਹਮਲੇ ਦੇ ਰੋਸ ਵਜੋਂ ਹਜ਼ਾਰਾਂ ਹੀ ਸਿੱਖਾਂ ਨੇ ਅੰਮ੍ਰਿਤਸਰ ਦੀ ਪਵਿੱਤਰ ਧਰਤੀ ਵੱਲ ਵਹੀਰਾਂ ਘੱਤ ਦਿੱਤੀਆਂ। ਇਨ੍ਹਾਂ ਵਿੱਚੋਂ ਭਾਰਤੀ ਫ਼ੌਜ ਨੇ ਭਾਰੀ ਗਿਣਤੀ 'ਚ ਸਿੱਖਾਂ ਨੂੰ ਸ਼ਹੀਦ ਕਰ ਦਿੱਤਾ। ਵੱਡੀ ਗਿਣਤੀ ਵਿਚ ਬੱਚੇ ਤੇ ਇਸਤਰੀਆਂ ਗ੍ਰਿਫਤਾਰ ਕਰ ਲਏ ਗਏ। (6-6-1984)
7 ਜੂਨ ਭਾਰਤੀ ਫ਼ੌਜ ਵੱਲੋਂ ਸ੍ਰੀ ਦਰਬਾਰ ਸਾਹਿਬ 'ਤੇ ਕੀਤੇ ਹਮਲੇ ਦੇ ਰੋਸ ਵਜੋਂ ਸਿੱਖ ਫ਼ੌਜੀਆਂ ਨੇ ਬਗ਼ਾਵਤ ਕਰ ਦਿੱਤੀ ਤੇ ਅੰਮ੍ਰਿਤਸਰ ਵੱਲ ਚਾਲੇ ਪਾ ਦਿੱਤੇ। ਰਸਤੇ ਵਿਚ ਕਈ ਸ਼ਹੀਦ ਹੋ ਗਏ ਅਤੇ ਬਹੁਤ ਸਾਰੇ ਗ੍ਰਿਫ਼ਤਾਰ ਕਰ ਲਏ ਗਏ। (7-6-1984)
9 ਜੂਨ (ੳ) ਬਾਬਾ ਬੰਦਾ ਸਿੰਘ ਬਹਾਦਰ ਦੇ ਸਪੁੱਤਰ ਨੂੰ ਉਸ ਦੀਆਂ ਅੱਖਾਂ ਦੇ ਸਾਹਮਣੇ ਸ਼ਹੀਦ ਕੀਤਾ ਅਤੇ ਉਸ ਦਾ ਦਿਲ ਕੱਢ ਕੇ ਬਾਬਾ ਬੰਦਾ ਸਿੰਘ ਬਹਾਦਰ ਦੇ ਮੂੰਹ ਵਿਚ ਪਾਇਆ ਗਿਆ। ਇਸੇ ਹੀ ਦਿਨ ਹੋਰ ਕਈ ਸਿੱਖਾਂ ਨੂੰ ਵੀ ਸ਼ਹੀਦ ਕੀਤਾ ਗਿਆ। (9-6-1716)
(ਅ) ਪਿੰਡ ਵਾਂ, ਜ਼ਿਲ੍ਹਾ ਅੰਮ੍ਰਿਤਸਰ ਦੇ ਭਾਈ ਤਾਰਾ ਸਿੰਘ ਨੂੰ ਸ਼ਹੀਦ ਕਰ ਦਿੱਤਾ ਗਿਆ। (9-6-1726)
10 ਜੂਨ (ੳ) ਸਿੰਘਾਂ ਦਾ ਅਠਵਾਂ ਸ਼ਹੀਦੀ ਜਥਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਜੈਤੋ ਵੱਲ ਰਵਾਨਾ ਹੋਇਆ। (10-6-1924)
(ਅ) ਸਿੱਖਾਂ ਨੇ ਲੰਡਨ, ਨਿਊਯਾਰਕ ਤੇ ਦੁਨੀਆਂ ਦੇ ਵੱਡੇ ਦੇਸ਼ਾਂ ਦੀਆਂ ਰਾਜਧਾਨੀਆਂ ਵਿਚ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਹਮਲੇ ਦੇ ਰੋਸ ਵਜੋਂ ਵੱਡੇ-ਵੱਡੇ ਜਲੂਸ ਕੱਢੇ। (10-6-1984)
11 ਜੂਨ ਭਾਰਤੀ ਫ਼ੌਜ ਵੱਲੋਂ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਉੱਪਰ ਕੀਤੇ ਹਮਲੇ ਦੇ ਰੋਸ ਵਜੋਂ ਰਾਮਗੜ੍ਹ ਫ਼ੌਜੀ ਛਾਉਣੀ ਵਿਚ ਸਿੱਖ ਫ਼ੌਜੀਆਂ ਨੇ ਬੈਰਕਾਂ ਛੱਡ ਦਿੱਤੀਆਂ ਤੇ ਅੰਮ੍ਰਿਤਸਰ ਨੂੰ ਮਾਰਚ ਕਰ ਦਿੱਤਾ। (11-6-1984)
12 ਜੂਨ (ੳ) ਪ੍ਰੋ. ਗੁਰਮੁਖ ਸਿੰਘ ਤੇ ਗਿਆਨੀ ਝੰਡਾ ਸਿੰਘ ਨੇ 'ਖਾਲਸਾ' ਅਖ਼ਬਾਰ ਸ਼ੁਰੂ ਕੀਤਾ। (12-6-1960)
(ਅ) ਦਿੱਲੀ ਵਿਚ ਸਿੱਖਾਂ ਦੇ ਪੁਰ-ਅਮਨ ਜਲੂਸ 'ਤੇ ਦਿੱਲੀ ਪੁਲਿਸ ਨੇ ਫਾਇਰਿੰਗ ਕੀਤੀ, ਜਿਸ ਨਾਲ ਸ. ਹਰਬੰਸ ਸਿੰਘ ਤੇ ਤਿੰਨ ਹੋਰ ਸਿੰਘ ਮਾਰੇ ਗਏ ਅਤੇ ਕਈ ਸਿੰਘ ਜ਼ਖ਼ਮੀ ਹੋ ਗਏ। (12-6-1960)
13 ਜੂਨ ਮਾਸਟਰ ਤਾਰਾ ਸਿੰਘ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਣੇ। (13-6-1936)
14 ਜੂਨ ਡਾਕਟਰ ਗੰਡਾ ਸਿੰਘ ਨੇ ਸ੍ਰੀ ਦਰਬਾਰ ਸਾਹਿਬ 'ਤੇ ਹੋਏ ਫ਼ੌਜੀ ਹਮਲੇ ਦੇ ਰੋਸ ਵਜੋਂ 'ਪਦਮ ਸ੍ਰੀ' ਵਾਪਸ ਕਰ ਦਿੱਤਾ। (14-6-1984)
17 ਜੂਨ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਪਵਿੱਤਰ ਸਰੋਵਰ ਦੀ ਕਾਰ-ਸੇਵਾ ਆਰੰਭ ਹੋਈ। (17-6-1923)
18 ਜੂਨ (ੳ) ਗੁਰਦੁਆਰਾ ਐਕਟ ਅਨੁਸਾਰ ਸੈਂਟਰਲ ਬੋਰਡ ਦੀ ਪਹਿਲੀ ਚੋਣ ਹੋਈ। (18-6-1926)
(ਅ) ਚੰਡੀਗੜ੍ਹ ਵਿਖੇ ਸਾਰੀਆਂ ਪਾਰਟੀਆਂ ਨੇ ਇਕ ਕਨਵੈਨਸ਼ਨ ਕੀਤੀ ਜਿਸ ਵਿਚ ਚੰਡੀਗੜ੍ਹ ਪੰਜਾਬ ਨੂੰ ਦੇਣ ਦੀ ਮੰਗ ਕੀਤੀ। (18-6-1968)
19 ਜੂਨ ਅਦਾਲਤ ਨੇ ਗੁਰਦੁਆਰਾ ਫੇਰੂ ਦੇ ਕੇਸ ਦਾ ਫੈਸਲਾ ਸਿੱਖਾਂ ਦੇ ਹੱਕ ਵਿਚ ਦਿੱਤਾ। (19-6-1931)
22 ਜੂਨ ਸਿੱਖਾਂ ਨੇ ਕੈਬਨਿਟ ਮਿਸ਼ਨ ਦਾ ਬਾਈਕਾਟ ਕਰਨ ਦਾ ਫੈਸਲਾ ਕੀਤਾ। (22-6-1946)
26 ਜੂਨ ਪੈਂਦੇ ਖਾਂ ਅਤੇ ਅਦੀਨਾ ਬੇਗ ਨੇ ਸ੍ਰੀ ਅਨੰਦਪੁਰ ਸਾਹਿਬ 'ਤੇ ਹਮਲਾ ਕੀਤਾ। (26-6-1700)
27 ਜੂਨ ਸ਼ੇਰੇ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਅਕਾਲ ਚਲਾਣਾ ਕਰ ਗਿਆ। (27-6-1839)
30 ਜੂਨ ਸੰਯੁਕਤ ਰਾਸ਼ਟਰ ਅਮਰੀਕਾ ਦੇ ਹਾਊਸ ਆਫ ਕਾਮਨਜ਼ ਨੇ ਸਿੱਖ ਮਸਲਿਆਂ 'ਤੇ ਵਿਚਾਰ ਕੀਤੀ ਤੇ 204 ਮੈਂਬਰਾਂ ਨੇ ਸਿੱਖਾਂ ਦੀ ਹਮਾਇਤ ਕੀਤੀ। (30-6-1989)



4 ਮਈ ਨੂੰ ਗੁਰਦੁਆਰਾ ਸਾਹਿਬ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਤਲਵੰਡੀ ਸਾਬੋ (ਬਠਿੰਡਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 77 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 43 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਛਕ ਕੇ ਖ਼ਾਲਸਾ ਪੰਥ ਵਿਚ ਪ੍ਰਵੇਸ਼ ਕੀਤਾ।



14 ਮਈ ਨੂੰ ਗੁਰਦੁਆਰਾ ਸਾਹਿਬ ਚੁੱਲੇ ਬਾਬਾ ਆਲਾ ਸਿੰਘ ਜੀ ਲੌਂਗੋਵਾਲ (ਸੰਗਰੂਰ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 47 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



18 ਮਈ ਨੂੰ ਗੁਰਦੁਆਰਾ ਸਾਹਿਬ ਹਾਜੀਰਤਨ (ਬਠਿੰਡਾ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 14 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰਦੁਆਰਾ ਸ਼ਹੀਦ ਬਾਬਾ ਬੀਰ ਸਿੰਘ ਜੀ ਨੌਰੰਗਾਬਾਦੀ ਰੱਤੋਕੇ (ਤਰਨ ਤਾਰਨ) ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 55 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 191 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਅਲਵਰ ਗੋਬਿੰਦ ਨਗਰ, ਰਾਜਸਥਾਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 127 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ।



26 ਮਈ ਨੂੰ ਸਿੱਖ ਮਿਸ਼ਨ ਜੰਮੂ ਕਸ਼ਮੀਰ ਵੱਲੋਂ ਗੁਰਦੁਆਰਾ ਸਾਹਿਬ ਪਾ: ਛੇਵੀਂ ਬਾਰਾਮੂਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 176 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 171 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਜ਼ਿਲ੍ਹਾ ਮੁਕਤਸਰ ਸਾਹਿਬ ਦੇ ਪਿੰਡ ਸਿੱਖ ਵਾਲਾ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 33 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਉੱਤਰਾਖੰਡ ਸਿੱਖ ਮਿਸ਼ਨ ਵੱਲੋਂ 25 ਮਈ ਨੂੰ ਪਿੰਡ ਜਗਦੀਸ਼ਾਂਵਾਲਾ ਜਸਪੁਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 37 ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕੀਤੀ।



ਗੁਰਦੁਆਰਾ ਸਾਹਿਬ ਸਿੰਘ ਸਭਾ ਸਾਦੁਲਸ਼ਹਰ ਜ਼ਿਲ੍ਹਾ ਹਨੂੰਮਾਨਗੜ੍ਹ ਰਾਜਸਥਾਨ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 37 ਪ੍ਰਾਣੀਆਂ ਨੇ ਅੰਮ੍ਰਿਤਪਾਨ ਕੀਤਾ।



ਗੁਰੂ ਨਾਨਕ ਦੇਵ ਮਾਡਲ ਸਕੂਲ ਪਿੰਡ ਸ਼ਤਾਬਗੜ੍ਹ (ਕਪੂਰਥਲਾ) ਵਿਖੇ ਲਗਾਈ ਗਈ ਗੁਰਮਤਿ ਵਰਕਸ਼ਾਪ ਸਮੇਂ ਬੱਚਿਆਂ ਨੂੰ ਗੁਰ ਇਤਿਹਾਸ ਬਾਰੇ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।




13 ਮਈ ਨੂੰ ਸਰਸਵਤੀ ਪਬਲਿਕ ਸਕੂਲ ਭੀਖੀ (ਮਾਨਸਾ) ਵਿਖੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੰਦੇ ਹੋਏ ਢਾਡੀ ਭਾਈ ਹਰਵਿੰਦਰ ਸਿੰਘ ਤੇ ਪ੍ਰਚਾਰਕ ਭਾਈ ਭੁਪਿੰਦਰ ਸਿੰਘ।



ਗੁਰਦੁਆਰਾ ਸਾਹਿਬ ਪਾ: ਛੇਵੀਂ ਨਗਰ ਲੋਪੋ ਜ਼ਿਲ੍ਹਾ ਮੋਗਾ ਵਿਖੇ ਪੰਜ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਸਮੇਂ ਪ੍ਰਚਾਰਕ ਭਾਈ ਲਖਵੀਰ ਸਿੰਘ ਮੋਗਾ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ।



ਗੁਰਦੁਆਰਾ ਨਾਨਕ ਦਰਬਾਰ ਸਾਹਿਬ ਭੋਪਾਲ (ਮੱਧ ਪ੍ਰਦੇਸ਼) ਵਿਖੇ ਲਗਾਏ ਗਏ ਗੁਰਮਤਿ ਕੈਂਪ ਸਮੇਂ ਅਰਦਾਸ ਵਿਚ ਸ਼ਾਮਲ ਸਕੂਲੀ ਬੱਚੇ ਅਤੇ ਸੰਗਤਾਂ।



ਸੁਲਤਾਨਵਿੰਡ ਪਿੰਡ ਵਿਖੇ ਲਗਾਏ ਗਏ ਗੁਰਮਤਿ ਕੈਂਪ ਵਿਚ ਸ਼ਾਮਲ ਹੋਏ ਬੱਚੇ-ਬੱਚੀਆਂ ਨਾਲ ਧਰਮ ਪ੍ਰਚਾਰ ਕਮੇਟੀ ਦੀ ਪ੍ਰਚਾਰਕ ਬੀਬੀ ਅਮਨਦੀਪ ਕੌਰ।



10 ਮਈ ਨੂੰ ਪਿੰਡ ਬਾਸਰਕੇ ਵਿਖੇ ਗੁਰਮਤਿ ਕਲਾਸ ਦੌਰਾਨ ਬੱਚਿਆਂ ਨੂੰ ਸਿੱਖੀ ਸਿਧਾਂਤ ਦ੍ਰਿੜ੍ਹ ਕਰਵਾਉਂਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ।



ਗੁਰੂ ਨਾਨਕ ਪਬਲਿਕ ਸਕੂਲ ਬਦੇਸ਼ਾ ਵਿਖੇ ਗੁਰਮਤਿ ਕਲਾਸ ਦੌਰਾਨ ਬੱਚਿਆਂ ਨੂੰ ਸਿੱਖੀ ਬਾਰੇ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੀ ਪ੍ਰਚਾਰਕ ਬੀਬੀ ਰਾਜ ਕੌਰ।



23 ਮਈ ਨੂੰ ਪਿੰਡ ਦੁਨੇਕੇ ਜ਼ਿਲ੍ਹਾ ਮੋਗਾ ਦੇ ਗੁਰਦੁਆਰਾ ਸਾਹਿਬ ਵਿਖੇ ਗੁਰਮਤਿ ਕੈਂਪ ਵਿਚ ਸ਼ਾਮਲ ਹੋਣ ਵਾਲੇ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ।



11 ਮਈ ਨੂੰ ਬਾਬਾ ਬੀਰ ਸਿੰਘ ਪਬਲਿਕ ਸਕੂਲ ਨੌਰੰਗਾਬਾਦ (ਤਰਨ ਤਾਰਨ) ਦੇ ਬੱਚਿਆਂ ਨੂੰ ਸਿੱਖੀ ਬਾਰੇ ਜਾਣਕਾਰੀ ਦੇਣ ਸਮੇਂ ਪ੍ਰਚਾਰਕ ਭਾਈ ਲਖਮੀਰ ਸਿੰਘ ਕੱਕਾ ਕੰਡਿਆਲਾ ਤੇ ਕਵੀਸ਼ਰ ਭਾਈ ਲਖਵਿੰਦਰ ਸਿੰਘ ਦਰਦੀ।



ਗੁਰਦੁਆਰਾ ਸਿੰਘ ਸਭਾ ਇਟਾਰਸੀ (ਮੱਧ ਪ੍ਰਦੇਸ਼) ਵਿਖੇ ਸਿੱਖਾਂ ਨੂੰ ਗੁਰਮਤਿ ਬਾਰੇ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ।




15 ਮਈ ਨੂੰ ਨਵ ਭਾਰਤ ਪਬਲਿਕ ਸਕੂਲ ਦੋਲੀਆ ਜੱਟਾਂ ਜ਼ਿਲ੍ਹਾ ਕਠੂਆ ਵਿਖੇ ਬੱਚਿਆਂ ਨੂੰ ਸਿੱਖ ਧਰਮ ਬਾਰੇ ਜਾਣਕਾਰੀ ਦਿੰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਲਕੀਅਤ ਸਿੰਘ।



22 ਮਈ ਨੂੰ ਪਿੰਡ ਭਾਗੋਕਾਵਾਂ ਵਿਖੇ ਲਗਾਏ ਗਏ ਗੁਰਮਤਿ ਕੈਂਪ ਸਮੇਂ ਬੱਚਿਆਂ ਨੂੰ ਸਨਮਾਨਿਤ ਕਰਦੇ ਹੋਏ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਨਾਮ ਸਿੰਘ ਦੋਰਾਂਗਲਾ।

ਸਿੱਖ ਰਹਿਤ ਮਰਯਾਦਾ ਹਰੇਕ ਸਿੱਖ ਦੇ ਜੀਵਨ ਲਈ ਅਤੀ ਜ਼ਰੂਰੀ ਹੈ। ਸਿੱਖ ਰਹਿਤ ਮਰਯਾਦਾ ਅੰਦਰ ਸਾਡੇ ਜੀਵਨ ਦੇ ਹਰ ਕਾਰਜ ਨੂੰ ਕਰਨ ਲਈ ਨਿਯਮ ਬਣਾਏ ਗਏ ਹਨ। ਸਿੱਖ ਨੇ ਜਨਮ ਤੋਂ ਲੈ ਕੇ ਮੌਤ ਤਕ ਦੇ ਸਾਰੇ ਕਾਰ-ਵਿਹਾਰ ਇਸੇ ਅਨੁਸਾਰ ਹੀ ਕਰਨੇ ਹਨ। ਹਰ ਸਿੱਖ ਲਈ ਜ਼ਰੂਰੀ ਹੈ ਕਿ ਉਹ ਸਿੱਖ ਰਹਿਤ ਮਰਯਾਦਾ ਤੋਂ ਜਾਣੂੰ ਹੋਵੇ। ਅਸੀਂ 'ਸੇਵਾ ਸਰਗਮੀਆਂ' ਦੇ ਇਸ ਅੰਕ ਤੋਂ ਸਿੱਖ ਰਹਿਤ ਮਰਯਾਦਾ ਨੂੰ ਲੜੀਵਾਰ ਛਾਪ ਰਹੇ ਹਾਂ ਤਾਂ ਕਿ ਵੱਧ ਤੋਂ ਵੱਧ ਸੰਗਤਾਂ ਇਸ ਤੋਂ ਜਾਣੂੰ ਹੋ ਸਕਣ।

-ਮੁੱਖ ਸੰਪਾਦਕ

*ਲੜੀ ਜੋੜਨ ਲਈ ਪਿਛਲਾ ਅੰਕ ਦੇਖੋ*

ੴ ਸਤਿਗੁਰ ਪ੍ਰਸਾਦਿ॥

# ਸਿੱਖ ਰਹਿਤ ਮਰਯਾਦਾ

### ੪. ਸਾਧ ਸੰਗਤ ਵਿਚ ਜੁੜ ਕੇ ਗੁਰਬਾਣੀ ਦਾ ਅਭਿਆਸ

### ਗੁਰਦੁਆਰੇ

(ੳ) ਗੁਰਬਾਣੀ ਦਾ ਅਸਰ ਸਾਧ ਸੰਗਤ 'ਚ ਬੈਠਿਆਂ ਵਧੇਰੇ ਹੁੰਦਾ ਹੈ। ਇਸ ਲਈ ਸਿੱਖ ਲਈ ਉਚਿਤ ਹੈ ਕਿ ਸਿੱਖ ਸੰਗਤਾਂ ਦੇ ਜੋੜ-ਮੇਲ ਦੇ ਅਸਥਾਨਾਂ-ਗੁਰਦੁਆਰਿਆਂ ਦੇ ਦਰਸ਼ਨ ਕਰੇ ਤੇ ਸਾਧ ਸੰਗਤ ਵਿਚ ਬੈਠ ਕੇ ਗੁਰਬਾਣੀ ਤੋਂ ਲਾਭ ਉਠਾਵੇ।

(ਅ) ਗੁਰਦੁਆਰੇ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਨਿਤਾ-ਪ੍ਰਤੀ ਹੋਵੇ। ਬਿਨਾਂ ਖਾਸ ਕਾਰਨ ਦੇ (ਜਦ ਕਿ ਪ੍ਰਕਾਸ਼ ਜਾਰੀ ਰੱਖਣ ਦੀ ਲੋੜ ਹੋਵੇ) ਰਾਤ ਨੂੰ ਪ੍ਰਕਾਸ਼ ਨਾ ਰਹੇ। ਆਮ ਤੌਰ 'ਤੇ ਰਹਰਾਸਿ ਦੇ ਪਾਠ ਮਗਰੋਂ ਸੁੱਖ-ਆਸਨ ਕੀਤਾ ਜਾਵੇ। ਜਦ ਤਕ ਗ੍ਰੰਥੀ ਜਾਂ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ ਲਈ ਹਾਜ਼ਰ ਰਹਿ ਸਕੇ ਜਾਂ ਪਾਠੀਆਂ, ਦਰਸ਼ਨ ਕਰਨ ਵਾਲਿਆਂ ਦੀ ਆਵਾਜਾਈ ਰਹੇ ਜਾਂ ਬੇਅਦਬੀ ਦਾ ਖਤਰਾ ਨਾ ਹੋਵੇ, ਤਦ ਤਕ ਪ੍ਰਕਾਸ਼ ਰਹੇ। ਉਪ੍ਰੰਤ ਸੁੱਖ ਆਸਨ ਕਰ ਦੇਣਾ ਉਚਿਤ ਹੈ, ਤਾਂ ਜੋ ਬੇਅਦਬੀ ਨਾ ਹੋਵੇ।

(ੲ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਨਮਾਨ ਨਾਲ ਪ੍ਰਕਾਸ਼ਿਆ, ਪੜ੍ਹਿਆ ਤੇ ਸੰਤੋਖਿਆ ਜਾਵੇ। ਪ੍ਰਕਾਸ਼ ਲਈ ਜ਼ਰੂਰੀ ਹੈ ਕਿ ਸਥਾਨ ਸਾਫ-ਸੁਥਰਾ ਹੋਵੇ। ਉਪਰ ਚਾਂਦਨੀ ਹੋਵੇ। ਪ੍ਰਕਾਸ਼ ਮੰਜੀ ਸਾਹਿਬ 'ਤੇ ਸਾਫ-ਸੁਥਰੇ ਬਸਤਰ ਵਿਛਾ ਕੇ ਕੀਤਾ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੰਭਾਲ ਕੇ ਪ੍ਰਕਾਸ਼ਨ ਲਈ ਗਦੇਲੇ ਆਦਿ ਸਮਿਆਨ ਵਰਤੇ ਜਾਣ ਅਤੇ ਉਪਰ ਲਈ ਰੁਮਾਲ ਹੋਵੇ। ਜਦ ਪਾਠ ਨਾ ਹੁੰਦਾ ਹੋਵੇ, ਤਾਂ ਉੱਤੇ ਰੁਮਾਲ ਪਿਆ ਰਹੇ। ਪ੍ਰਕਾਸ਼ ਵੇਲੇ ਚੌਰ ਭੀ ਚਾਹੀਏ।

(ਸ) ਉਪਰ ਦੱਸੇ ਸਾਮਾਨ ਤੋਂ ਇਲਾਵਾ ਧੂਪ ਜਾਂ ਦੀਵੇ ਮਚਾ ਕੇ ਆਰਤੀ ਕਰਨੀ, ਭੋਗ ਲਾਉਣਾ, ਜੋਤਾਂ ਜਗਾਉਣੀਆਂ, ਟੱਲ ਖੜਕਾਉਣੇ ਆਦਿ ਕਰਮ ਗੁਰਮਤਿ ਅਨੁਸਾਰ ਨਹੀਂ। ਹਾਂ, ਸਥਾਨ ਨੂੰ ਸੁਗੰਧਿਤ ਕਰਨ ਲਈ ਫੁੱਲ, ਧੂਪ ਆਦਿ ਸੁਗੰਧੀਆਂ ਵਰਤਣੀਆਂ ਵਿਵਰਜਿਤ ਨਹੀਂ। ਕਮਰੇ ਅੰਦਰ ਰੌਸ਼ਨੀ ਲਈ ਤੇਲ, ਘੀ ਜਾਂ ਮੋਮਬੱਤੀ, ਬਿਜਲੀ, ਲੈਂਪ ਆਦਿ ਜਗਾ ਲੈਣੇ ਚਾਹੀਦੇ ਹਨ।

(ਹ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਵਾਕਰ (ਤੁੱਲ) ਕਿਸੇ ਪੁਸਤਕ ਨੂੰ ਅਸਥਾਪਨ ਨਹੀਂ ਕਰਨਾ। ਗੁਰਦੁਆਰੇ ਵਿਚ ਕੋਈ ਮੂਰਤੀਪੂਜਾ ਜਾਂ ਹੋਰ ਗੁਰਮਤਿ ਦੇ ਵਿਰੁੱਧ ਕੋਈ ਰੀਤੀ ਜਾਂ ਸੰਸਕਾਰ ਨਾ ਹੋਵੇ, ਨਾ ਹੀ ਕੋਈ ਅਨਮਤ ਦਾ ਤਿਉਹਾਰ ਮਨਾਇਆ ਜਾਵੇ। ਹਾਂ, ਕਿਸੇ ਮੌਕੇ ਜਾਂ ਇੱਕਤ੍ਰਤਾ ਨੂੰ ਗੁਰਮਤਿ ਦੇ ਪ੍ਰਚਾਰ ਲਈ ਵਰਤਣਾ ਅਯੋਗ ਨਹੀਂ।

(ਕ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪੰਘੂੜੇ ਦੇ ਪਾਵਿਆਂ ਨੂੰ ਮੁੱਠੀਆਂ ਭਰਨੀਆਂ, ਕੰਧਾਂ ਜਾਂ ਥੜ੍ਹਿਆਂ 'ਤੇ ਨੱਕ ਰਗੜਨਾ ਜਾਂ ਮੁੱਠੀਆਂ ਭਰਨੀਆਂ, ਮੰਜੀ ਸਾਹਿਬ ਹੇਠਾਂ ਪਾਣੀ ਰੱਖਣਾ, ਗੁਰਦੁਆਰਿਆਂ ਵਿਚ ਮੂਰਤੀਆਂ (ਬੁੱਤ) ਬਨਾਣੀਆਂ ਜਾਂ ਰੱਖਣੀਆਂ, ਗੁਰੂ ਸਾਹਿਬਾਨ ਜਾਂ ਸਿੱਖ ਬਜ਼ੁਰਗਾਂ ਦੀਆਂ ਤਸਵੀਰਾਂ ਅੱਗੇ ਮੱਥੇ ਟੇਕਣੇ, ਇਹੋ ਜਿਹੇ ਕਰਮ ਮਨਮੱਤ ਹਨ।

(ਖ) ਇਕ ਤੋਂ ਦੂਜੀ ਥਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਲੈ ਜਾਣ ਵੇਲੇ ਅਰਦਾਸ ਕਰਨੀ ਚਾਹੀਏ। ਜਿਸ ਨੇ ਸਿਰ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਚੁੱਕਿਆ ਹੋਵੇ, ਉਹ ਨੰਗੇ ਪੈਰੀਂ ਚਲੇ, ਪਰ ਜੇਕਰ ਕਿਸੇ ਮੌਕੇ ਜੋੜੇ ਪਾਣ ਦੀ ਅਤਿ ਲੋੜ ਪੈ ਜਾਵੇ, ਤਾਂ ਭਰਮ ਨਹੀਂ ਕਰਨਾ।

(ਗ) ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਅਰਦਾਸਾ ਸੋਧ ਕੇ ਪ੍ਰਕਾਸ਼ ਕੀਤਾ ਜਾਵੇ। ਪ੍ਰਕਾਸ਼ ਕਰਨ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚੋਂ ਇਕ ਸ਼ਬਦ ਦਾ ਵਾਕ ਲਿਆ ਜਾਵੇ।

(ਘ) ਜਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਆਵੇ ਤਾਂ ਭਾਵੇਂ ਅੱਗੇ ਪ੍ਰਕਾਸ਼ ਹੋਇਆ ਹੋਵੇ ਜਾਂ ਨਾ, ਹਰ ਇਕ ਸਿੱਖ ਨੂੰ ਸਨਮਾਨ ਲਈ ਉੱਠ ਖਲੋਣਾ ਚਾਹੀਏ।

(ਙ) ਗੁਰਦੁਆਰੇ ਅੰਦਰ ਜਾਣ ਲੱਗਿਆਂ ਜੋੜੇ ਬਾਹਰ ਲਾਹ ਕੇ, ਸੁਥਰਾ ਹੋ ਕੇ ਜਾਣਾ ਚਾਹੀਏ, ਜੇ ਪੈਰ ਮੈਲੇ ਜਾਂ ਗੰਦੇ ਹੋਣ, ਤਾਂ ਜਲ ਨਾਲ ਧੋ ਲੈਣੇ ਚਾਹੀਏ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਥਵਾ ਗੁਰਦੁਆਰੇ ਨੂੰ ਆਪਣੇ ਸੱਜੇ ਪਾਸੇ ਰੱਖ ਕੇ ਪ੍ਰਕਰਮਾ ਕਰਨੀ ਚਾਹੀਏ।

(ਚ) ਗੁਰਦੁਆਰੇ ਅੰਦਰ ਦਰਸ਼ਨਾਂ ਲਈ ਜਾਣ ਲਈ ਕਿਸੇ ਦੇਸ਼, ਮਜ਼੍ਹਬ, ਜਾਤਿ ਵਾਲੇ ਨੂੰ ਮਨਾਹੀ ਨਹੀਂ, ਪਰ ਉਸ ਦੇ ਪਾਸ ਸਿੱਖ ਧਰਮ ਤੋਂ ਵਿਵਰਜਿਤ, ਤਮਾਕੂ ਆਦਿ ਕੋਈ ਚੀਜ਼ ਨਹੀਂ ਹੋਣੀ ਚਾਹੀਦੀ।

(ਛ) ਗੁਰਦੁਆਰੇ ਅੰਦਰ ਜਾ ਕੇ ਸਿੱਖ ਦਾ ਪਹਿਲਾ ਕਰਮ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਮੱਥਾ ਟੇਕਣਾ ਹੈ। ਉਪ੍ਰੰਤ ਗੁਰੂ ਰੂਪ ਸਾਧ ਸੰਗਤ ਦੇ ਦਰਸ਼ਨ ਕਰ ਕੇ ਸਹਿਜ ਨਾਲ 'ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫ਼ਤਹ' ਬੁਲਾਈ ਜਾਵੇ।

(ਜ) ਸੰਗਤ ਵਿਚ ਬੈਠਣ ਲਈ ਭੀ ਸਿੱਖ-ਅਸਿੱਖ, ਛੂਤ-ਛਾਤ, ਜਾਤ-ਪਾਤ, ਊਚ-ਨੀਚ ਦਾ ਭਰਮ ਜਾਂ ਵਿਤਕਰਾ ਨਹੀਂ ਕਰਨਾ।

(ਝ) ਕਿਸੇ ਮਨੁੱਖ ਦਾ ਸਤਿਗੁਰਾਂ ਦੇ ਪ੍ਰਕਾਸ਼ ਸਮੇਂ ਜਾਂ ਸੰਗਤ ਵਿਚ ਗਦੇਲਾ, ਆਸਣ, ਕੁਰਸੀ, ਚੌਕੀ, ਮੰਜਾ ਆਦਿ ਲਾ ਕੇ ਬੈਠਣਾ ਜਾਂ ਕਿਸੇ ਹੋਰ ਵਿਤਕਰੇ ਨਾਲ ਬੈਠਣਾ ਮਨਮੱਤ ਹੈ।

(ਞ) ਸੰਗਤ ਵਿਚ ਜਾਂ ਸਤਿਗੁਰਾਂ ਦੇ ਪ੍ਰਕਾਸ਼ ਸਮੇਂ ਕਿਸੇ ਸਿੱਖ ਨੂੰ ਨੰਗੇ ਸਿਰ ਨਹੀਂ ਬੈਠਣਾ ਚਾਹੀਦਾ। ਸੰਗਤ ਵਿਚ ਸਿੱਖ ਇਸਤਰੀਆਂ ਲਈ ਪਰਦਾ ਕਰਨਾ ਜਾਂ ਘੁੰਡ ਕੱਢਣਾ ਗੁਰਮਤਿ ਵਿਰੁੱਧ ਹੈ।

(ਟ) ਤਖ਼ਤ ਪੰਜ ਹਨ:-

੧. ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ।
੨. ਤਖ਼ਤ ਸ੍ਰੀ ਪਟਨਾ ਸਾਹਿਬ, ਬਿਹਾਰ।
੩. ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਅਨੰਦਪੁਰ।
੪. ਤਖ਼ਤ ਸ੍ਰੀ ਹਜ਼ੂਰ ਸਾਹਿਬ, ਨੰਦੇੜ।
੫. ਤਖ਼ਤ ਸ੍ਰੀ ਦਮਦਮਾ ਸਾਹਿਬ (ਤਲਵੰਡੀ ਸਾਬੋ)।

(ਠ) ਤਖ਼ਤਾਂ ਦੇ ਖਾਸ ਅਸਥਾਨ ਉੱਤੇ ਕੇਵਲ ਰਹਿਤਵਾਨ ਅੰਮ੍ਰਿਤਧਾਰੀ ਸਿੰਘ (ਸਿੰਘ ਜਾਂ ਸਿੰਘਣੀ) ਹੀ ਚੜ੍ਹ ਸਕਦੇ ਹਨ। (ਤਖ਼ਤਾਂ ਉੱਤੇ ਪਤਿਤ ਤੇ ਤਨਖਾਹੀਏ ਸਿੱਖ ਤੋਂ ਬਿਨਾਂ ਹਰ ਇਕ ਪ੍ਰਾਣੀ ਮਾਤਰ, ਸਿੱਖ ਗੈਰ-ਸਿੱਖ ਦੀ ਅਰਦਾਸ ਹੋ ਸਕਦੀ ਹੈ।)

(ਡ) ਹਰ ਇਕ ਗੁਰਦੁਆਰੇ ਵਿਚ ਨਿਸ਼ਾਨ ਸਾਹਿਬ ਕਿਸੇ ਉੱਚੀ ਥਾਂ 'ਤੇ ਲੱਗਾ ਹੋਵੇ। ਨਿਸ਼ਾਨ ਸਾਹਿਬ ਦੇ ਪੁਸ਼ਾਕੇ ਦਾ ਰੰਗ ਬਸੰਤੀ ਜਾਂ ਸੁਰਮਈ ਹੋਵੇ ਅਤੇ ਨਿਸ਼ਾਨ ਸਾਹਿਬ ਦੇ ਸਿਰੇ ਉੱਤੇ ਸਰਬਲੋਹ ਦਾ ਭਾਲਾ ਜਾਂ ਖੰਡਾ ਹੋਵੇ।

(ਢ) ਗੁਰਦੁਆਰੇ ਵਿਚ ਨਗਾਰਾ ਹੋਵੇ, ਜੋ ਸਮੇਂ ਸਿਰ ਵਜਾਇਆ ਜਾਵੇ।

*ਚੱਲਦਾ...*

# ਸਰਹਿੰਦ ਫ਼ਤਹਿ ਦਿਵਸ ਮੌਕੇ ਸ਼੍ਰੋਮਣੀ ਕਮੇਟੀ ਨੇ ਕਰਵਾਏ 9ਵੇਂ ਇੰਟਰਨੈਸ਼ਨਲ ਗਤਕਾ ਮੁਕਾਬਲੇ




ਸ੍ਰੀ ਫਤਹਿਗੜ੍ਹ ਸਾਹਿਬ- ਸਰਹਿੰਦ ਫਤਹਿ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਥੇ ਮਾਤਾ ਗੁਜਰੀ ਕਾਲਜ ਵਿਖੇ 9ਵੇਂ ਇੰਟਰਨੈਸ਼ਨਲ ਗਤਕਾ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿਚ ਪੰਜਾਬ, ਹਰਿਆਣਾ ਅਤੇ ਦਿੱਲੀ ਦੀਆਂ ਚੋਣਵੀਆਂ ਗਤਕਾ ਟੀਮਾਂ ਨੇ ਹਿੱਸਾ ਲਿਆ। ਮੁਕਾਬਲਿਆਂ ਦੀ ਆਰੰਭਤਾ ਅਰਦਾਸ ਨਾਲ ਹੋਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਕਰਨੈਲ ਸਿੰਘ ਪੰਜੋਲੀ, ਸ. ਰਵਿੰਦਰ ਸਿੰਘ ਖ਼ਾਲਸਾ, ਸ. ਅਵਤਾਰ ਸਿੰਘ ਰਿਆ ਤੇ ਵਧੀਕ ਸਕੱਤਰ ਸ. ਪਰਮਜੀਤ ਸਿੰਘ ਸਰੋਆ ਨੇ ਗਤਕਾ ਟੀਮਾਂ ਦੀ ਹੌਸਲਾ ਅਫਜਾਈ ਕਰਦਿਆਂ ਆਖਿਆ ਕਿ ਸ਼੍ਰੋਮਣੀ ਕਮੇਟੀ ਸਿੱਖ ਮਾਰਸ਼ਲ ਆਰਟ ਗਤਕੇ ਦੀ ਪ੍ਰਫੁਲਤਾ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਤਹਿਤ ਹੀ ਹਰ ਸਾਲ ਸਰਹਿੰਦ ਫ਼ਤਹਿ ਦਿਵਸ ਮੌਕੇ ਗਤਕਾ ਮੁਕਾਬਲੇ ਕਰਵਾਏ ਜਾਂਦੇ ਹਨ। ਉਨ੍ਹਾਂ ਆਖਿਆ ਕਿ ਵਰਤਮਾਨ ਸਮੇਂ ਸਿੱਖ ਨੌਜੁਆਨਾਂ ਅੰਦਰ ਸਿੱਖ ਸ਼ਸਤਰ ਕਲਾ ਪ੍ਰਤੀ ਲਗਾਤਾਰ ਉਤਸ਼ਾਹ ਵੱਧ ਰਿਹਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਗਤਕਾ ਟੀਮਾਂ ਨੂੰ ਮੁਬਾਰਕਬਾਦ ਵੀ ਦਿੱਤੀ।

ਗਤਕਾ ਮੁਕਾਬਲਿਆਂ ਵਿਚ ਨੌਜੁਆਨਾਂ ਨੇ ਪ੍ਰਦਰਸ਼ਨ ਅਤੇ ਫਾਈਟ ਵਿਚ ਬਾਖੂਬੀ ਪੇਸ਼ਕਾਰੀ ਦਿੱਤੀ। ਗਤਕਾ ਮੁਕਾਬਲਿਆਂ ਵਿਚ ਹਿੱਸਾ ਲੈਣ ਵਾਲੀਆਂ ਟੀਮਾਂ ਵਿਚ ਗੁਰੂ ਹਰਿਗੋਬਿੰਦ ਅਜੀਤ ਗਤਕਾ ਅਖਾੜਾ ਬੁੱਢਾ ਦਲ ਦਿੱਲੀ, ਬਾਬਾ ਬਿਧੀਚੰਦ ਗਤਕਾ ਅਖਾੜਾ ਅੰਮ੍ਰਿਤਸਰ, ਭਾਈ ਬਚਿੱਤਰ ਸਿੰਘ ਗਤਕਾ ਅਖਾੜਾ ਹਠੂਰ, ਸ਼ਹੀਦ ਬਾਬਾ ਦੀਪ ਸਿੰਘ ਗਤਕਾ ਅਖਾੜਾ ਮੁਹਾਲੀ, ਸਦਾ ਅੰਗ ਸੰਗੇ ਗਤਕਾ ਅਖਾੜਾ ਲੁਧਿਆਣਾ, ਰਾਜ ਕਰੇਗਾ ਖ਼ਾਲਸਾ ਗਤਕਾ ਅਖਾੜਾ ਟਾਂਡਾ, ਖ਼ਾਲਸਾ ਰਣਜੀਤ ਅਖਾੜਾ ਪਟਿਆਲਾ, ਨਿਰਵੈਰ ਖ਼ਾਲਸਾ ਗਤਕਾ ਅਖਾੜਾ ਰਾਜਪੁਰਾ, ਜੈ ਤੇਗੰ ਗਤਕਾ ਅਖਾੜਾ ਅੰਮ੍ਰਿਤਸਰ, ਬਾਬਾ ਬੰਦਾ ਸਿੰਘ ਬਹਾਦਰ ਗਤਕਾ ਅਖਾੜਾ, ਦਸਮੇਸ਼ ਗਤਕਾ ਅਖਾੜਾ ਘਰੋਡਾ ਹਰਿਆਣਾ, ਇੰਟਰਨੈਸ਼ਨਲ ਸਿੱਖ ਮਾਰਸ਼ਲ ਆਰਟ ਅਕੈਡਮੀ ਅਨੰਦਪੁਰ ਸਾਹਿਬ, ਬੀਰ ਖ਼ਾਲਸਾ ਦਲ ਸਿੱਖ ਆਰਟਸ ਅਕੈਡਮੀ ਅੰਬਾਲਾ, ਸਿੱਖ ਵਿਰਸਾ ਗਤਕਾ ਅਕੈਡਮੀ ਪਟਿਆਲਾ, ਦਸਮੇਸ਼ ਗਤਕਾ ਗਰੁੱਪ ਮੋਗਾ ਤੇ ਰਣਜੀਤ ਅਖਾੜਾ ਮਾਨਸਾ ਦੀਆਂ ਟੀਮਾਂ ਨੇ ਗਤਕੇ ਦੇ ਜੌਹਰ ਵਿਖਾਏ।

ਇਸ ਮੌਕੇ ਮੈਨੇਜਰ ਸ. ਗੁਰਸੇਵਕ ਸਿੰਘ, ਸ. ਬਲਵਿੰਦਰ ਸਿੰਘ ਭਮਾਰਸ, ਸ. ਗੁਰਤੇਜ ਸਿੰਘ ਕਰਨਾਲ ਪ੍ਰਧਾਨ ਗਤਕਾ ਫੈਡਰੇਸ਼ਨ ਆਫ ਇੰਡੀਆ, ਸ. ਹਰਦੀਪ ਸਿੰਘ ਪੰਜਾਬ ਪ੍ਰਧਾਨ, ਸ. ਗੁਰਦੀਪ ਸਿੰਘ ਸ਼ੇਖੂਪੁਰ ਚੇਅਰਮੈਨ, ਸ. ਗੁਰਪ੍ਰੀਤ ਸਿੰਘ ਚੰਡੀਗੜ੍ਹ, ਸ. ਸੁਪ੍ਰੀਤ ਸਿੰਘ ਗਤਕਾ ਕੋਚ, ਸ. ਮਨਜੀਤ ਸਿੰਘ ਟਾਂਡਾ ਜਨਰਲ ਸਕੱਤਰ, ਸ. ਇੰਦਰਪਾਲ ਸਿੰਘ ਹਰਿਆਣਾ ਪ੍ਰਧਾਨ, ਸ. ਹਰਵਿੰਦਰ ਸਿੰਘ ਭੋਲਾ, ਸ. ਜਸਵੀਰ ਸਿੰਘ ਸੁਪਰਵਾਈਜ਼ਰ, ਬੀਬੀ ਮਨਪ੍ਰੀਤ ਕੌਰ ਹੁੰਦਲ ਜ਼ਿਲ੍ਹਾ ਪ੍ਰਧਾਨ ਇਸਤਰੀ ਅਕਾਲੀ ਦਲ, ਸ. ਕਰਮਜੀਤ ਸਿੰਘ ਮੀਤ ਮੈਨੇਜਰ, ਸ. ਹਰਬੰਸ ਸਿੰਘ ਸੁਪਰਵਾਈਜ਼ਰ ਆਦਿ ਮੌਜੂਦ ਸਨ।

# ਹਲਕਾ ਸੁਨਾਮ ਦੇ ਪਿੰਡ ਛਾਜਲੀ 'ਚ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ



ਸੁਨਾਮ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਜੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਹਲਕਾ ਸੁਨਾਮ ਦੇ ਪਿੰਡ ਛਾਜਲੀ ਵਿਖੇ ਦਸ ਰੋਜਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ।

ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ, ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਦੇਵ ਸਿੰਘ ਰੋਗਲਾ, ਭਾਈ ਗੁਰਲਾਲ ਸਿੰਘ ਫਤਹਿਗੜ੍ਹ ਦੀ ਅਗਵਾਹੀ ਹੇਠ ਲਗਾਏ ਗਏ ਇਸ ਦਸ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਵਿੱਚ 50 ਨੌਜਵਾਨ, ਬੱਚਿਆਂ ਅਤੇ ਬੀਬੀਆਂ ਨੇ ਭਾਗ ਲਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਬੱਚਿਆਂ ਨੂੰ ਗੁਰਬਾਣੀ ਦੀ ਸੰਥਿਆ ਕਰਵਾਈ ਤੇ ਸਿੱਖ ਰਹਿਤ ਮਰਿਆਦਾ ਤੋਂ ਜਾਣੂ ਕਰਵਾਇਆ। ਇਸੇ ਕੈਂਪ ਵਿਚ ਭਾਈ ਅਮਰਜੀਤ ਸਿੰਘ ਨੇ ਬੱਚਿਆਂ ਨੂੰ ਦਸਤਾਰ ਸਿਖਲਾਈ ਦਿੱਤੀ। ਗੁਰਮਤਿ ਸਿਖਲਾਈ ਕੈਂਪ ਦੀ ਸੰਪੂਰਨਤਾ ਸਮੇਂ ਸੁੰਦਰ ਦਸਤਾਰ ਤੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਧਰਮ ਪ੍ਰਚਾਰ ਕਮੇਟੀ ਵੱਲੋਂ ਵਿਸ਼ੇਸ਼ ਇਨਾਮ ਦੇ ਕੇ ਸਨਮਾਨਤ ਕੀਤਾ। ਇਨ੍ਹਾਂ ਮੁਕਾਬਲਿਆਂ ਪ੍ਰਤੀ ਬੱਚਿਆਂ ਅੰਦਰ ਭਾਰੀ ਉਤਸ਼ਾਹ ਵੀ ਵੇਖਣ ਨੂੰ ਮਿਲਿਆ।

ਇਸ ਮੌਕੇ ਬੋਲਦਿਆਂ ਜਥੇਦਾਰ ਰਾਮਪਾਲ ਸਿੰਘ ਬਹਿਣੀਵਾਲ ਨੇ ਬੱਚਿਆਂ ਨੂੰ ਗੁਰਸਿੱਖੀ ਜੀਵਨ ਵਿਚ ਪ੍ਰਪੱਕ ਰਹਿਣ ਦੀ ਪ੍ਰੇਰਨਾ ਕੀਤੀ। ਉਨ੍ਹਾਂ ਕਿਹਾ ਕਿ ਮਾਪਿਆਂ ਨੂੰ ਵੀ ਇਸ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਣੀ ਚਾਹੀਦੀ ਹੈ ਕਿਉਂਕਿ ਸਿੱਖੀ ਸੱਭਿਆਚਾਰ ਘਰ ਤੋਂ ਸ਼ੁਰੂ ਹੁੰਦਾ ਹੈ ਅਤੇ ਮਾਪੇ ਆਪਣੇ ਬੱਚਿਆਂ ਦੇ ਪਹਿਲੇ ਅਧਿਆਪਕ ਹੁੰਦੇ ਹਨ। ਇਸ ਮੌਕੇ ਸਜਾਏ ਗਏ ਦੀਵਾਨ ਵਿਚ ਭਾਈ ਤਰਸੇਮ ਸਿੰਘ ਦੁਗਾਲ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਇਤਿਹਾਸ ਸਰਵਣ ਕਰਵਾਇਆ ਅਤੇ ਭਾਈ ਗੁਰਸੇਵ ਸਿੰਘ ਘਰਾਚੋਂ ਨੇ ਸਟੇਜ ਦੀ ਸੇਵਾ ਨਿਭਾਈ।

ਇਸ ਮੌਕੇ ਭਾਈ ਗੁਰਚਰਨ ਸਿੰਘ ਪ੍ਰਧਾਨ, ਭਾਈ ਮਨਜੀਤ ਸਿੰਘ ਪ੍ਰਧਾਨ, ਭਾਈ ਅਵਤਾਰ ਸਿੰਘ, ਭਾਈ ਕਰਤਾਰ ਸਿੰਘ ਗ੍ਰੰਥੀ, ਜਥੇਦਾਰ ਭਰਪੂਰ ਸਿੰਘ ਕੌਂਸਲਰ, ਭਾਈ ਬਲਦੇਵ ਸਿੰਘ ਪ੍ਰਧਾਨ ਲੋਕਲ ਕਮੇਟੀ ਸਮੇਤ ਸੰਗਤਾਂ ਹਾਜ਼ਰ ਸਨ।

# ਪ੍ਰਬੰਧਕ ਕਮੇਟੀ ਦੀ ਇਕੱਤਰਤਾ ਵਿਚ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਪਾਉਂਟਾ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਉਣ ਦਾ ਫੈਸਲਾ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਅਗਵਾਈ ਵਿਚ ਹੋਈ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਪ੍ਰਬੰਧਕ ਕਮੇਟੀ ਦੀ ਇਕੱਤਰਤਾ ਦੌਰਾਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਵਿਖੇ ਇੱਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਉਣ ਦਾ ਫੈਸਲਾ ਕੀਤਾ ਗਿਆ। ਇਕੱਤਰਤਾ ਦੌਰਾਨ ਪਹਿਲੇ ਪਾਤਸ਼ਾਹ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਸਮਾਗਮਾਂ ਵਿਚ ਸ੍ਰੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਵੱਲੋਂ ਸਹਿਯੋਗੀ ਭੂਮਿਕਾ ਦੀ ਵਚਨਬੱਧਤਾ ਵੀ ਪ੍ਰਗਟਾਈ ਗਈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਲੌਂਗੋਵਾਲ ਨੇ ਦੱਸਿਆ ਕਿ ਹਿਮਾਚਲ ਪ੍ਰਦੇਸ਼ ਵਿਖੇ ਪਹਿਲੇ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜ਼ੋਰਦਾਰ ਧਰਮ ਪ੍ਰਚਾਰ ਮੁਹਿੰਮ ਚਲਾ ਕੇ ਸੰਗਤ ਨੂੰ ਪ੍ਰਕਾਸ਼ ਪੁਰਬ ਸ਼ਤਾਬਦੀ ਦੇ ਸਮਾਗਮਾਂ ਵਿਚ ਭਰਵੀਂ ਸ਼ਮੂਲੀਅਤ ਲਈ ਉਤਸ਼ਾਹਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਲਾਕੇ ਅੰਦਰ ਸੰਗਤਾਂ ਤੱਕ ਪਹੁੰਚ ਮਗਰੋਂ ਸ੍ਰੀ ਪਾਉਂਟਾ ਸਾਹਿਬ ਵਿਖੇ ਹੋਣ ਵਾਲਾ ਗੁਰਮਤਿ ਸਮਾਗਮ ਯਾਦਗਾਰੀ ਹੋਵੇਗਾ ਜਿਸ ਵਿਚ ਸਿੰਘ ਸਾਹਿਬਾਨ ਅਤੇ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਥਾਵਾਚਕ ਹਾਜਰੀ ਭਰਨਗੇ। ਭਾਈ ਲੌਂਗੋਵਾਲ ਦੀ ਪ੍ਰਧਾਨਗੀ ਹੇਠ ਹੋਈ ਇਕੱਤਰਤਾ ਵਿਚ ਸ. ਹਰਭਜਨ ਸਿੰਘ ਮੀਤ ਪ੍ਰਧਾਨ, ਸ. ਰਾਜਿੰਦਰ ਸਿੰਘ ਰਾਜਨ ਜਨਰਲ ਸਕੱਤਰ, ਤਰਨਾ ਦਲ ਦੇ ਮੁੱਖੀ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਸਮੇਤ ਹੋਰ ਮੈਂਬਰ ਮੌਜੂਦ ਸਨ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਨਵੇਂ ਤਿਆਰ ਕੀਤੇ ਮੀਟਿੰਗ ਹਾਲ ਦਾ ਭਾਈ ਲੌਂਗੋਵਾਲ ਤੇ ਹੋਰਨਾਂ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਉਦਘਾਟਨ ਵੀ ਕੀਤਾ ਗਿਆ। ਇਸ ਤੋਂ ਪਹਿਲਾਂ ਭਾਈ ਲੌਂਗੋਵਾਲ ਨੇ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਦੇ ਸ਼ਹੀਦੀ ਸਾਕੇ ਦੀ ਯਾਦ ਵਿਚ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਵੱਲੋਂ ਕਰਵਾਏ ਗਏ ਸਮਾਗਮ ਵਿਚ ਸ਼ਮੂਲੀਅਤ ਕਰ ਕੇ ਸੰਗਤਾਂ ਨਾਲ ਵਿਚਾਰ ਸਾਂਝੇ ਕੀਤੇ। ਸਮਗਾਮ ਦੌਰਾਨ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸ਼ਮੂਲੀਅਤ ਕੀਤੀ। ਉਨ੍ਹਾਂ ਆਪਣੇ ਸੰਬੋਧਨ ਵਿਚ ਸੰਗਤ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਬਣਨ ਦੀ ਪ੍ਰੇਰਨਾ ਕੀਤੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਪ੍ਰੇਰਿਆ। ਇਸ ਮੌਕੇ ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਥੇਦਾਰ ਗਿਆਨੀ ਰਘਬੀਰ ਸਿੰਘ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਨੂੰ ਗੁਰੂ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ।

ਇਸ ਮੌਕੇ ਹੋਰਨਾ ਤੋਂ ਇਲਾਵਾ ਸ. ਜਗੀਰ ਸਿੰਘ ਮੈਨੇਜਰ, ਸ. ਕੁਲਵੰਤ ਸਿੰਘ ਚੌਧਰੀ, ਸ. ਦਰਸ਼ਨ ਸਿੰਘ ਲੌਂਗੋਵਾਲ ਪੀ.ਏ. ਆਦਿ ਮੌਜੂਦ ਸਨ।

## ਸੁਲਤਾਨਵਿੰਡ ਦੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਸ਼ਹੀਦ ਵਿਖੇ ਇੱਕ ਮਹੀਨੇ ਦਾ ਗੁਰਮਤਿ ਕੈਂਪ ਲਗਾਇਆ



ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ 31 ਮਈ 2019 ਨੂੰ ਸੁਲਤਾਨਵਿੰਡ ਦੇ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਸ਼ਹੀਦ, ਵਾਰਡ ਨੰਬਰ 6, ਪੰਡੋਰਾ, ਵਿਖੇ ਪਿਛਲੇ ਇਕ ਮਹੀਨੇ ਤੋਂ ਲਗਾਏ ਗਏ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਕੀਤੀ ਗਈ।

ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ ਦੇ ਉਪਰਾਲੇ ਨਾਲ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਵੱਲੋਂ ਲਗਾਏ ਗਏ ਇਸ ਕੈਂਪ ਵਿਚ 60 ਦੇ ਕਰੀਬ ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਨੂੰ ਪ੍ਰਚਾਰਕ ਬੀਬੀ ਅਮਨਦੀਪ ਕੌਰ ਅਤੇ ਭਾਈ ਦਵਿੰਦਰ ਸਿੰਘ ਸੁਲਤਾਨਵਿੰਡ ਦੇ ਕਵੀਸ਼ਰੀ ਜੱਥੇ ਨੇ ਗੁਰਬਾਣੀ, ਸਿੱਖ ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਗੁਰਮਤਿ ਕੈਂਪ ਦੀ ਸਮਾਪਤੀ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਸ. ਹਰਜਾਪ ਸਿੰਘ ਸੁਲਤਾਨਵਿੰਡ ਵਿਸ਼ੇਸ ਤੌਰ ਤੇ ਪਹੁੰਚੇ। ਉਨ੍ਹਾਂ ਬੱਚਿਆਂ ਨੂੰ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਨਾ ਕੀਤੀ। ਇਸ ਮੌਕੇ ਬੱਚਿਆਂ ਦੇ ਮੁਕਾਬਲੇ ਵੀ ਕਰਵਾਏ ਗਏ। ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵਲੋਂ ਸਨਮਾਨ ਪੱਤਰ, ਮੈਡਲ ਅਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਸਮੇਂ ਭਾਈ ਅਮਰ ਸਿੰਘ ਪ੍ਰਚਾਰਕ, ਭਾਈ ਮਲਕੀਤ ਸਿੰਘ ਪ੍ਰਚਾਰਕ, ਬੀਬੀ ਅਮਨਦੀਪ ਕੌਰ ਪ੍ਰਚਾਰਕ ਅਤੇ ਭਾਈ ਦਵਿੰਦਰ ਸਿੰਘ ਸੁਲਤਾਨਵਿੰਡ ਦਾ ਕਵੀਸ਼ਰੀ ਜੱਥਾ ਹਾਜ਼ਰ ਰਿਹਾ।

## ਸ਼੍ਰੋਮਣੀ ਕਮੇਟੀ ਵੱਲੋਂ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਮਾਲਵਾ ਜ਼ੋਨ ਦੇ ਢਾਡੀ ਤੇ ਕਵੀਸ਼ਰੀ ਮੁਕਾਬਲੇ ਕਰਵਾਏ



ਰਾਏਕੋਟ- ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸਰਪ੍ਰਸਤੀ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਮਾਲਵਾ ਜ਼ੋਨ ਦੇ ਢਾਡੀ ਅਤੇ ਕਵੀਸ਼ਰੀ ਮੁਕਾਬਲੇ ਗੁਰਦੁਆਰਾ ਟਾਹਲੀਆਣਾ ਸਾਹਿਬ ਪਾਤਸ਼ਾਹੀ ਦਸਵੀਂ ਰਾਏਕੋਟ ਵਿਖੇ ਜਥੇਦਾਰ ਜਗਜੀਤ ਸਿੰਘ ਤਲਵੰਡੀ ਮੈਂਬਰ ਅੰਤ੍ਰਿੰਗ ਕਮੇਟੀ ਅਤੇ ਮੁੱਖ ਪ੍ਰਬੰਧਕ ਸ. ਕੁਲਵਿੰਦਰ ਸਿੰਘ ਰਮਦਾਸ ਮੀਤ ਸਕੱਤਰ ਧਰਮ ਪ੍ਰਚਾਰ ਕਮੇਟੀ ਦੀ ਨਿਗਰਾਨੀ ਹੇਠ ਕਰਵਾਏ ਗਏ।

ਇਸ ਮੌਕੇ ਢਾਡੀ ਮੁਕਾਬਲੇ ਦੌਰਾਨ 40 ਢਾਡੀ ਜਥਿਆਂ ਨੇ ਭਾਗ ਲਿਆ ਜਿਸ ਦੌਰਾਨ ਭਾਈ ਸਤਨਾਮ ਸਿੰਘ ਚਮਿੰਡਾ ਨੇ ਪਹਿਲਾ, ਭਾਈ ਮਨਪ੍ਰੀਤ ਸਿੰਘ ਅਕਾਲਗੜ੍ਹ ਨੇ ਦੂਜਾ, ਬੀਬੀ ਰਣਬੀਰ ਕੌਰ ਨਾਭਾ ਨੇ ਤੀਜਾ ਤੇ ਭਾਈ ਪਰਮਿੰਦਰ ਸਿੰਘ ਦੇ ਜੱਥੇ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਵੀਸ਼ਰੀ ਮੁਕਾਬਲਿਆਂ ਦੌਰਾਨ ਗਿਆਨੀ ਕਾਰਜ ਸਿੰਘ ਰਾਹਲ ਚਹਿਲ ਨੇ ਪਹਿਲਾ, ਭਾਈ ਗੁਰਬਚਨ ਸਿੰਘ ਖਾਲਸਾ ਨੇ ਦੂਜਾ, ਭਾਈ ਗੁਰਜੀਤ ਸਿੰਘ ਐਮ.ਏ. ਵਰਨਾਲਾ ਨੇ ਤੀਜਾ ਅਤੇ ਭਾਈ ਜਗਦੇਵ ਸਿੰਘ ਸਾਹੋਕੇ ਦੇ ਕਵੀਸ਼ਰੀ ਜੱਥੇ ਨੇ ਵਿਸ਼ੇਸ਼ ਇਨਾਮ ਪ੍ਰਾਪਤ ਕੀਤਾ।

ਇਨ੍ਹਾਂ ਮੁਕਾਬਲਿਆਂ ਦੌਰਾਨ ਡਾ. ਅਰਸ਼ਪ੍ਰੀਤ ਸਿੰਘ, ਡਾ. ਅਮਰਜੀਤ ਸਿੰਘ, ਸ. ਗੁਰਮੁਖ ਸਿੰਘ ਤੇ ਸ. ਜੋਗੀ ਸਿੰਘ ਨੇ ਜੱਜ ਸਾਹਿਬਾਨ ਦੀ ਸੇਵਾ ਨਿਭਾਈ। ਇਸ ਮੌਕੇ ਭਾਈ ਸਰਬਜੀਤ ਸਿੰਘ ਇੰਚਾਰਜ ਦੁਆਬਾ ਜੋਨ, ਭਾਈ ਪਰਮਜੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਗੁਜਰਾਤ, ਭਾਈ ਲਵਪ੍ਰੀਤ ਸਿੰਘ ਸ੍ਰੀ ਅਨੰਦਪੁਰ ਸਾਹਿਬ, ਭਾਈ ਜਤਿੰਦਰ ਸਿੰਘ ਮੋਹਾਲੀ, ਭਾਈ ਰਾਜਪਾਲ ਸਿੰਘ ਮੋਹਾਲੀ ਹਾਜ਼ਰ ਸਨ। ਇਸ ਮੌਕੇ ਜੇਤੂਆਂ ਨੂੰ ਜਥੇਦਾਰ ਜਗਜੀਤ ਸਿੰਘ ਤਲਵੰਡੀ, ਭਾਈ ਗੁਰਚਰਨ ਸਿੰਘ ਗਰੇਵਾਲ, ਸ. ਕੇਵਲ ਸਿੰਘ ਬਾਦਲ, ਸੰਤ ਦਰਬਾਰ ਸਿੰਘ ਛੀਨੀਵਾਲ (ਚਾਰੇ ਮੈਂਬਰ ਸ਼੍ਰੋਮਣੀ ਕਮੇਟੀ) ਨੇ ਇਨਾਮ ਤਕਸੀਮ ਕੀਤੇ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਥੇਦਾਰ ਸਤਵਿੰਦਰ ਸਿੰਘ ਟੌਹੜਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਪਰਾਲੇ ਸਦਕਾ 5 ਰੋਜਾ ਗੁਰਮਤਿ ਰਿਹਾਇਸ਼ੀ ਕੈਂਪ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਵਿਖੇ ਲਗਾਇਆ ਗਿਆ। ਕੈਂਪ ਦੇ ਦੂਸਰੇ ਦਿਨ ਬੱਚਿਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਦੇ ਦਰਸ਼ਨ ਦੀਦਾਰੇ ਕਰਵਾਏ ਗਏ। ਬੱਚਿਆਂ ਨਾਲ ਆਏ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸਤਵਿੰਦਰ ਸਿੰਘ ਟੌਹੜਾ, ਧਰਮ ਪ੍ਰਚਾਰ ਕਮੇਟੀ ਦੇ ਹੈਡ ਗ੍ਰੰਥੀ ਗਿਆਨੀ ਸੁਰਜੀਤ ਸਿੰਘ ਸਭਰਾ, ਪ੍ਰਚਾਰਕ ਭਾਈ ਪਰਵਿੰਦਰ ਸਿੰਘ, ਭਾਈ ਹਰਦੀਪ ਸਿੰਘ ਟਿੱਬਾ, ਭਾਈ ਜਸਵੀਰ ਸਿੰਘ, ਭਾਈ ਬੇਅੰਤ ਸਿੰਘ ਤੇ ਭਾਈ ਲਖਵਿੰਦਰ ਸਿੰਘ ਆਦਿ ਨੇ ਬੱਚਿਆਂ ਨੂੰ ਇਤਿਹਾਸ ਬਾਰੇ ਜਾਣਕਾਰੀ ਦਿੱਤੀ।

## ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਘੋੜਿਆਂ ਵਾਲਾ ਵਿਖੇ ਗੁਰਮਤਿ ਸਮਾਗਮ ਕਰਵਾਇਆ

ਨਾਭਾ- ਸਥਾਨਕ ਇਤਿਹਾਸਕ ਗੁਰਦੁਆਰਾ ਡੇਰਾ ਬਾਬਾ ਅਜਾਪਾਲ ਸਿੰਘ ਜੀ ਘੋੜਿਆਂ ਵਾਲਾ ਨਾਭਾ ਵਿਖੇ ਮਹੀਨੇਵਾਰ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿਚ ਭਾਈ ਬਲਬੀਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਹਰਮਿੱਤਰ ਸਿੰਘ ਕਥਾਵਾਚਕ ਗੁਰਦੁਆਰਾ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਤੇ ਗੁਰੂ ਨਾਨਕ ਕਾਲਜ ਬੁਢਲਾਡਾ ਤੋਂ ਢਾਡੀ ਜਥੇ ਨੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ ਨੇ ਦੱਸਿਆ ਕਿ ਇਹ ਸਮਾਗਮ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੀ ਸਰਪ੍ਰਸਤੀ ਹੇਠ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਇਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ. ਪਰਮਜੀਤ ਸਿੰਘ ਸਰੋਆ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ, ਜਥੇ. ਬਲਦੇਵ ਸਿੰਘ ਖੋਖ, ਪ੍ਰਸਿੱਧ ਕਥਾਵਾਚਕ ਗਿਆਨੀ ਰਜਿੰਦਰਪਾਲ ਸਿੰਘ, ਪ੍ਰਚਾਰਕ ਭਾਈ ਬੇਅੰਤ ਸਿੰਘ, ਸ. ਬਰਿੰਦਰਪਾਲ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਖੰਡਵਾ (ਮੱਧ ਪ੍ਰਦੇਸ਼) ਵਿਖੇ 15 ਮਈ ਤੋਂ 31 ਮਈ ਤੱਕ ਵਿਸ਼ੇਸ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਧਰਮ ਪ੍ਰਚਾਰ ਕਮੇਟੀ ਵੱਲੋਂ ਲਗਾਏ ਗਏ ਇਸ ਕੈਂਪ ਵਿੱਚ 107 ਬੱਚਿਆਂ ਨੇ ਭਾਗ ਲਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਹਰਵਿੰਦਰ ਸਿੰਘ ਨੇ ਬੱਚਿਆਂ ਨੂੰ ਗੁਰਬਾਣੀ ਉਚਾਰਨ, ਸਿੱਖ ਇਤਿਹਾਸ ਅਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਉਪਰੰਤ ਬੱਚਿਆਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਧਾਰਮਿਕ ਲਿਟਰੇਚਰ, ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ।

## ਗੁਰਦੁਆਰਾ ਗੰਗਸਰ ਸਾਹਿਬ ਕਰਤਾਰਪੁਰ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ

### ਅੰਮ੍ਰਿਤ ਸੰਚਾਰ ਸਮਾਗਮ ਸਮੇਂ 65 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ



ਕਰਤਾਰਪੁਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਗੁਰਦੁਆਰਾ ਗੰਗਸਰ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ, ਜਿਸ ਦੀ ਆਰੰਭਤਾ ਭਾਈ ਜੁਝਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਵਾਲਿਆਂ ਵਲੋਂ ਸੋਦਰ ਚੌਂਕੀ ਨਾਲ ਕੀਤੀ ਗਈ। ਉਪਰੰਤ ਭਾਈ ਸਤਿੰਦਰ ਸਿੰਘ, ਭਾਈ ਜਗਦੀਸ਼ ਸਿੰਘ ਵਡਾਲਾ ਢਾਡੀ ਜਥਾ, ਭਾਈ ਨਰਿੰਦਰ ਸਿੰਘ ਬੱਗਾ ਕਵੀਸ਼ਰੀ ਜਥਾ ਅਤੇ ਭਾਈ ਹਰਪ੍ਰੀਤ ਸਿੰਘ ਕਥਾਵਾਚਕ ਧਰਮ ਪ੍ਰਚਾਰ ਕਮੇਟੀ ਵਲੋਂ ਵੀ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ ਗਿਆ। ਗੁਰਮਤਿ ਸਮਾਗਮ ਸਮੇਂ ਭਾਈ ਰਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਵੀ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ। ਸ਼ਹਿਰ ਦੀਆਂ ਸਭਾ ਸੁਸਾਇਟੀਆਂ ਵਲੋਂ ਸੰਗਤਾਂ ਲਈ ਗੁਰੂ ਕੇ ਲੰਗਰਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਵਲੋਂ ਧਾਰਮਿਕ ਪੁਸਤਕਾਂ ਦੇ ਸਟਾਲ ਵੀ ਲਗਾਏ ਗਏ। ਇਸ ਮੌਕੇ ਪੁੱਜੇ ਵੱਖ-ਵੱਖ ਜਥਿਆਂ ਨੂੰ ਜਥੇਦਾਰ ਰਣਜੀਤ ਸਿੰਘ ਕਾਹਲੋਂ, ਮੈਨੇਜਰ ਸ. ਨਰਿੰਦਰ ਸਿੰਘ ਵਲੋਂ ਗੁਰੂ ਘਰ ਦੀ ਬਖ਼ਸ਼ਸ਼ਿ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਵੱਡੀ ਗਿਣਤੀ ਵਿਚ ਸ਼ਹਿਰ ਅਤੇ ਪਿੰਡਾਂ ਦੀਆਂ ਸੰਗਤਾਂ ਨੇ ਪੁੱਜ ਕੇ ਕੀਰਤਨ ਦਾ ਦੇਰ ਰਾਤ ਤੱਕ ਅਨੰਦ ਮਾਣਿਆ।

ਇਸ ਤੋਂ ਪਹਿਲਾਂ ਸਵੇਰ ਸਮੇਂ ਗੁਰਦੁਆਰਾ ਗੰਗਸਰ ਸਾਹਿਬ ਪਾਤਸ਼ਾਹੀ ਪੰਜਵੀਂ, ਛੇਵੀਂ ਦੇ ਦੀਵਾਨ ਹਾਲ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਹੋਇਆ ਜਿਸ ਵਿਚ 65 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਅੰਮ੍ਰਿਤ ਸੰਚਾਰ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਪੰਜ ਪਿਆਰਿਆਂ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਅੰਮ੍ਰਿਤ ਅਭਿਲਾਖੀਆਂ ਨੂੰ ਅੰਮ੍ਰਿਤ ਪਾਨ ਕਰਵਾਇਆ। ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਜਥੇਦਾਰ ਰਣਜੀਤ ਸਿੰਘ ਕਾਹਲੋਂ, ਸ. ਕੁਲਵੰਤ ਸਿੰਘ ਮੰਨਣ, ਸ. ਪਰਮਜੀਤ ਸਿੰਘ ਰਾਏਪੁਰ ਤੇ ਬੀਬੀ ਗੁਰਮੀਤ ਕੌਰ ਭਟਨੂਰਾ ਆਦਿ ਨੇ ਅੰਮ੍ਰਿਤ ਅਭਿਲਾਖੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ

ਇਸ ਮੌਕੇ ਜਥੇਦਾਰ ਗੁਰਜਿੰਦਰ ਸਿੰਘ, ਗਿਆਨੀ ਮਨਜੀਤ ਸਿੰਘ ਪ੍ਰਚਾਰਕ, ਗਿਆਨੀ ਜਸਵਿੰਦਰ ਸਿੰਘ ਪ੍ਰਚਾਰਕ, ਬੀਬੀ ਤ੍ਰਿਲੋਚਨ ਕੌਰ ਪ੍ਰਚਾਰਕ, ਸ. ਜਗਰੂਪ ਸਿੰਘ ਚੋਹਲਾ, ਸ. ਗੁਰਪ੍ਰੀਤ ਸਿੰਘ ਖ਼ਾਲਸਾ, ਸ. ਜਗਮੀਤ ਸਿੰਘ ਚਾਹਲ, ਸੱਤਪਾਲ ਮੱਲ, ਸ. ਅਮਰਜੀਤ ਸਿੰਘ ਜੰਡੇ ਸਰਾਏ, ਭਾਈ ਸੁਖਵੀਰ ਸਿੰਘ, ਸ. ਸਰਦੂਲ ਸਿੰਘ ਬੂਟਾ, ਸ. ਹਰਵਿੰਦਰ ਸਿੰਘ ਰਿੰਕੂ, ਸ. ਨਵਨੀਤ ਸਿੰਘ ਦਿਆਲਪੁਰ, ਸ. ਪ੍ਰਭਜੋਤ ਸਿੰਘ, ਸ. ਬੁੱਕਣ ਸਿੰਘ ਮੁਸਤਾਪੁਰ, ਸ. ਰਣਜੀਤ ਸਿੰਘ ਰਾਣਾ, ਗਿਆਨੀ ਜੁਗਿੰਦਰ ਸਿੰਘ, ਕੌਂਸਲਰ ਸੇਵਾ ਸਿੰਘ, ਸ. ਮਨੋਹਰ ਸਿੰਘ ਆਲਮਪੁਰ ਬੱਕਾ, ਸ. ਜਸਵਿੰਦਰ ਸਿੰਘ ਬਸਰਾ, ਸ. ਗੁਰਭੇਜ ਸਿੰਘ ਸ਼ਹੀਦਾਂ, ਸ. ਕੇਵਲ ਸਿੰਘ ਭਤੀਜਾ, ਸ. ਹਰਜੀਤ ਸਿੰਘ ਕਾਲਾ ਖੇੜਾ, ਸ. ਗੁਰਦੇਵ ਸਿੰਘ, ਸ. ਜੱਲਾ ਸਿੰਘ, ਅਵਤਾਰ ਸਿੰਘ ਤੇ ਸੰਗਤਾਂ ਹਾਜ਼ਰ ਸਨ।

## ਸਟੈਂਡਰਡ ਪਬਲਿਕ ਹਾਈ ਸਕੂਲ ਪਿੰਡ ਧੂਲਕਾ ਵਿਖੇ ਗੁਰਮਤਿ ਕੈਂਪ ਲਗਾਇਆ



ਧੂਲਕਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਸਟੈਂਡਰਡ ਪਬਲਿਕ ਹਾਈ ਸਕੂਲ ਪਿੰਡ ਧੂਲਕਾ ਜਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ 20 ਮਈ ਤੋਂ ਅਰੰਭ ਹੋਏ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ 31 ਮਈ ਨੂੰ ਕੀਤੀ ਗਈ। ਇਸ ਕੈਂਪ ਵਿਚ 250 ਦੇ ਕਰੀਬ ਬੱਚਿਆਂ ਨੇ ਭਾਗ ਲਿਆ ਜਿਨ੍ਹਾਂ ਨੂੰ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਜਸਪਾਲ ਸਿੰਘ ਅਤੇ ਭਾਈ ਪ੍ਰਗਟ ਸਿੰਘ ਨੇ ਗੁਰਮਤਿ ਸਿਧਾਤਾਂ ਦੀ ਜਾਣਕਾਰੀ ਦਿੱਤੀ। ਤੀਜੀ ਤੋਂ ਦਸਵੀ ਕਲਾਸ ਤੱਕ ਹਰ ਕਲਾਸ ਦੇ ਬੱਚਿਆਂ ਦੇ ਧਾਰਮਿਕ ਮੁਕਾਬਲੇ ਕਰਵਾਏ ਗਏ ਜਿਸ ਵਿਚ ਪਹਿਲੀਆਂ ਤਿੰਨ ਪੁਜੀਸ਼ਨਾ ਵਾਲੇ ਬੱਚਿਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਕੈਂਪ ਵਿਚ ਭਾਗ ਲੈਣ ਵਾਲੇ ਬਾਕੀ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਆ ਗਿਆ। ਸਕੂਲ ਦੇ ਨਿਰਦੇਸ਼ਕ ਸ. ਚਰਨਜੀਤ ਸਿੰਘ ਹੁੰਦਲ ਨੇ ਇਸ ਉਪਰਾਲੇ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦਾ ਧੰਨਵਾਦ ਕੀਤਾ।

# ਸ਼੍ਰੋਮਣੀ ਕਮੇਟੀ ਵੱਲੋਂ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੰਦੌਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ

## ਸਿੰਘ ਸਾਹਿਬਾਨ ਤੇ ਭਾਈ ਲੌਂਗੋਵਾਲ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਿਰਕਤ





ਅੰਮ੍ਰਿਤਸਰ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੇਸ਼ ਦੇ ਵੱਖ-ਵੱਖ ਸੂਬਿਆਂ ਅੰਦਰ ਆਰੰਭੀ ਗੁਰਮਤਿ ਸਮਾਗਮਾਂ ਦੀ ਲੜੀ ਤਹਿਤ ਇੰਦੌਰ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸਥਾਨਕ ਗੁਰਦੁਆਰਾ ਕਮੇਟੀਆਂ ਅਤੇ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਇੰਦੌਰ ਵਿਖੇ ਕਰਵਾਏ ਇਸ ਸਮਾਗਮ ਵਿਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਨੇ ਭਰਵੀਂ ਸ਼ਮੂਲੀਅਤ ਕੀਤੀ।

ਇਸ ਮੌਕੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਸਬੰਧੀ ਨਵੰਬਰ 2019 ਵਿਚ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਜਾਣ ਵਾਲੇ ਸਮਾਗਮਾਂ ਵਿਚ ਇੰਦੌਰ ਦੀ ਸੰਗਤ ਨੂੰ ਸ਼ਾਮਲ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਆਖਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਾਰੇ ਸਮਾਗਮ ਪੂਰੇ ਵਿਸ਼ਵ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਹੀ ਕਰਵਾਏ ਜਾਣਗੇ। ਉਨ੍ਹਾਂ ਇੰਦੌਰ ਦੀ ਸੰਗਤ ਅਤੇ ਪ੍ਰਮੁੱਖ ਸਿੱਖ ਸ਼ਖ਼ਸੀਅਤਾਂ ਵੱਲੋਂ ਸਮਾਗਮ ਦੌਰਾਨ ਭਰਵਾਂ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਅਤੇ ਅਜਿਹੇ ਗੁਰਮਤਿ ਸਮਾਗਮ ਲਗਾਤਾਰ ਜਾਰੀ ਰੱਖਣ ਦੀ ਵਚਨਬਧਤਾ ਦਾ ਵੀ ਪ੍ਰਗਟਾਵਾ ਕੀਤਾ।

ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਹੈੱਡ ਗ੍ਰੰਥੀ ਅਤੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਬੋਧਨ ਕਰਦਿਆਂ ਸੰਗਤ ਨੂੰ ਗੁਰਮਤਿ ਵਿਚਾਰਧਾਰਾ 'ਤੇ ਚੱਲਣ ਦੀ ਪ੍ਰੇਰਣਾ ਕੀਤੀ। ਉਨ੍ਹਾਂ ਸੰਗਤ ਨੂੰ 550ਵੇਂ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਆਪੋ-ਆਪਣੇ ਪਰਿਵਾਰਾਂ ਅੰਦਰ ਗੁਰਬਾਣੀ ਜਾਪ ਦੀ ਲਹਿਰ ਪ੍ਰਚੰਡ ਕਰਨ ਲਈ ਵੀ ਕਿਹਾ। ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਸਥਾਨਕ ਸਿੱਖ ਆਗੂਆਂ ਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਇੰਦੌਰ ਦੀਆਂ ਸੰਗਤਾਂ ਨੇ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ, ਸਿੰਘ ਸਾਹਿਬਾਨ ਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ।

ਇਸ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਤਿੰਦਰਬੀਰ ਸਿੰਘ ਦੇ ਰਾਗੀ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਢਾਡੀ ਜਥਿਆਂ ਤੇ ਕਥਾਵਾਚਕਾਂ ਨੇ ਗੁਰ-ਇਤਿਹਾਸ ਅਤੇ ਗੁਰਮਤਿ ਸਿਧਾਂਤਾਂ ਦੀ ਰੌਸ਼ਨੀ ਵਿਚ ਸੰਗਤ ਨਾਲ ਵੀਚਾਰ ਸਾਂਝੇ ਕੀਤੇ।

ਇਸ ਮੌਕੇ ਅੰਤ੍ਰਿੰਗ ਕਮੇਟੀ ਮੈਂਬਰ ਸ. ਜਰਨੈਲ ਸਿੰਘ ਕਰਤਾਰਪੁਰ, ਸ. ਖੁਸ਼ਵਿੰਦਰ ਸਿੰਘ ਭਾਟੀਆ, ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਭਾਈ ਰਾਮ ਸਿੰਘ, ਸ. ਸੁਖਵਰਸ਼ ਸਿੰਘ ਪੰਨੂ, ਸ. ਬਲਦੇਵ ਸਿੰਘ ਚੂੰਘਾ, ਸ. ਕੁਲਵੰਤ ਸਿੰਘ ਮੰਨਣ, ਸ. ਜਗਸੀਰ ਸਿੰਘ ਮਾਂਗੇਆਣਾ, ਭਾਈ ਰਜਿੰਦਰ ਸਿੰਘ ਮਹਿਤਾ, ਸਕੱਤਰ ਸ. ਮਹਿੰਦਰ ਸਿੰਘ ਆਹਲੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ, ਸ. ਪਰਮਜੀਤ ਸਿੰਘ ਸਰੋਆ, ਸ. ਜਸਵਿੰਦਰ ਸਿੰਘ ਦੀਨਪੁਰ ਮੈਨੇਜਰ, ਸ. ਜਗਜੀਤ ਸਿੰਘ ਜੱਗੀ, ਸ. ਦਰਸ਼ਨ ਸਿੰਘ ਪੀ.ਏ., ਸ. ਪ੍ਰਿਤਪਾਲ ਸਿੰਘ, ਸ. ਰਣਧੀਰ ਸਿੰਘ, ਸ. ਨਵਇੰਦਰਪ੍ਰੀਤ ਸਿੰਘ, ਸ. ਗੁਰਮੀਤ ਸਿੰਘ ਸੈਣੀ, ਸ. ਗੁਰਦੀਪ ਸਿੰਘ ਭਾਟੀਆ, ਸ. ਪ੍ਰਿਤਪਾਲ ਸਿੰਘ ਭਾਟੀਆ ਇੰਦੌਰ, ਸ. ਅਮਰਜੀਤ ਸਿੰਘ ਬੱਗਾ ਪ੍ਰਧਾਨ ਗੁਰਦੁਆਰਾ ਸਾਹਿਬ ਇੰਦੌਰ, ਸ. ਅਮਰਜੀਤ ਸਿੰਘ ਭਾਟੀਆ ਸਕੱਤਰ, ਸ. ਸੁਰਿੰਦਰਪਾਲ ਸਿੰਘ ਤੇ ਸ. ਇੰਦਰਪਾਲ ਸਿੰਘ ਸਮੇਤ ਸੰਗਤਾਂ ਮੌਜੂਦ ਸਨ।

# ਬਾਸਰਕੇ ਭੈਣੀ ਵਿਖੇ 6 ਤੋਂ 27 ਮਈ ਤੱਕ ਲਗਾਇਆ ਗਿਆ ਗੁਰਮਤਿ ਸਿਖਲਾਈ ਕੈਂਪ



ਬਾਸਰਕੇ- ਸ੍ਰੀ ਗੁਰੂ ਨਾਨਕ ਦੇਵ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਵੱਲੋਂ ਹੋਏ ਆਦੇਸ਼ਾਂ ਅਨੁਸਾਰ ਜਥੇਦਾਰ ਮੰਗਵਿੰਦਰ ਸਿੰਘ ਖਾਪੜ ਖੇੜੀ ਮੈਂਬਰ ਸ਼੍ਰੋਮਣੀ ਕਮੇਟੀ ਦੀ ਯੋਗ ਅਗਵਾਈ ਹੇਠ ਪਿੰਡ ਬਾਸਰਕੇ ਭੈਣੀ ਵਿੱਚ 6 ਮਈ ਤੋਂ ਲੈ ਕੇ 27 ਮਈ ਤੱਕ ਵਿਸ਼ੇਸ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਗੁਰਮਤਿ ਕੈਂਪ ਵਿਚ ਭਾਈ ਬਲਵੰਤ ਸਿੰਘ ਐਨੋਕੋਟ ਪ੍ਰਚਾਰਕ ਅਤੇ ਭਾਈ ਗੁਰਪ੍ਰੀਤ ਸਿੰਘ ਭੰਗੂ ਦੇ ਢਾਡੀ ਜਥੇ ਨੇ ਬੱਚਿਆਂ ਨੂੰ ਗੁਰਬਾਣੀ, ਗੁਰ-ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਇਸ ਗੁਰਮਤਿ ਕੈਂਪ ਵਿਚ ਬੱਚਿਆਂ ਦੇ ਮਾਂ ਬਾਪ ਵੀ ਗੁਰਮਤਿ ਦੀ ਜਾਣਕਾਰੀ ਲੈਂਦੇ ਰਹੇ। ਕੈਂਪ ਦੀ ਸਮਾਪਤੀ ਸਮੇਂ ਭਾਗ ਲੇਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸੀਲਡ, ਮੈਡਲ, ਸਨਮਾਨ ਪੱਤਰ ਅਤੇ ਗੁਰਮਤਿ ਲਿਟਰੇਚਰ ਦੇ ਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਮੰਗਵਿੰਦਰ ਸਿੰਘ ਖਾਪੜਖੇੜੀ ਵੱਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਭਾਈ ਬਲਵੰਤ ਸਿੰਘ ਐਨੋਕੋਟ ਪ੍ਰਚਾਰਕ, ਭਾਈ ਗੁਰਪ੍ਰੀਤ ਸਿੰਘ ਭੰਗੂ ਦਾ ਢਾਡੀ ਜਥਾ, ਸ. ਮੇਜਰ ਸਿੰਘ ਚੱਕ, ਸ. ਗੁਰਸੇਵਕ ਸਿੰਘ, ਡਾ. ਹਰਜਿੰਦਰ ਸਿੰਘ ਬਾਸਰਕੇ ਭੈਣੀ ਸਮੇਤ ਬੱਚਿਆਂ ਦੇ ਮਾਪੇ ਅਤੇ ਹੋਰ ਬੇਅੰਤ ਸੰਗਤਾਂ ਸ਼ਾਮਿਲ ਸਨ।



ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਕਾਦੀਆਂ (ਬਟਾਲਾ) ਵਿਖੇ ਗੁਰਮਤਿ ਸਿਖਲਾਈ ਕੈਂਪ ਦੀ ਸਮਾਪਤੀ ਸਮੇਂ ਬੱਚਿਆਂ ਨੂੰ ਮੈਡਲ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕਰਦੇ ਹੋਏ ਪ੍ਰਚਾਰਕ ਭਾਈ ਮਨਜੀਤ ਸਿੰਘ।

# ਪਿੰਡ ਸੰਗਤਪੁਰਾ ਵਿਖੇ 7 ਰੋਜ਼ਾ ਗੁਰਮਤਿ ਕੈਂਪ ਲਗਾਇਆ



ਸੰਗਤਪੁਰਾ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਕੀਤੇ ਜਾ ਰਹੇ ਗੁਰਮਤਿ ਸਮਾਗਮਾਂ ਦੇ ਨਾਲ ਬੱਚਿਆਂ ਨੂੰ ਇਤਿਹਾਸ ਤੋਂ ਜਾਣੂ ਕਰਵਾਉਣ ਦੇ ਮੰਤਵ ਨਾਲ ਪਿੰਡਾਂ ਵਿਚ ਬੱਚਿਆਂ ਦੇ ਗੁਰਮਤਿ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਇਸੇ ਤਹਿਤ ਸ਼੍ਰੋਮਣੀ ਕਮੇਟੀ ਮੈਂਬਰ ਸ. ਜੋਧ ਸਿੰਘ ਸਮਰਾ ਤੇ ਬੀਬੀ ਸਵਰਨ ਕੌਰ ਤੇੜਾ ਦੀ ਅਗਵਾਈ ਹੇਠ ਪਿੰਡ ਸੰਗਤਪੁਰਾ ਦੇ ਗੁਰਦੁਆਰਾ ਬਾਬਾ ਠਾਕੁਰ ਸਿੰਘ ਵਿਖੇ ਇੱਕ ਹਫਤੇ ਦਾ ਗੁਰਮਤਿ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਦਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਮਨਦੀਪ ਸਿੰਘ ਝੰਡੇਰ, ਭਾਈ ਗੁਰਵਿੰਦਰ ਸਿੰਘ ਖੋਦੇਬੇਟ ਤੇ ਕਵੀਸ਼ਰ ਭਾਈ ਬਲਵੰਤ ਸਿੰਘ ਢੱਡੇ ਨੇ ਬੱਚਿਆਂ ਨੂੰ ਗੁਰਬਾਣੀ ਗੁਰਇਤਿਹਾਸ ਬਾਰੇ ਜਾਣਕਾਰੀ ਦਿੱਤੀ। ਇਸ ਕੈਂਪ ਵਿਚ 70 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ। ਕੈਂਪ ਦੇ ਆਖਰੀ ਦਿਨ ਬੱਚਿਆਂ ਦਾ ਲਿਖਤੀ ਟੈਸਟ ਲਿਆ ਗਿਆ। ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ ਤੇ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਸ. ਗੁਰਦੇਵ ਸਿੰਘ ਪ੍ਰਧਾਨ, ਸ. ਗੁਰਮੀਤ ਸਿੰਘ, ਸ. ਬਿਕਰਮਜੀਤ ਸਿੰਘ, ਭਾਈ ਬਲਜਿੰਦਰ ਸਿੰਘ ਗ੍ਰੰਥੀ ਤੇ ਭਾਈ ਦਰਸ਼ਨ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ



ਬਟਾਲਾ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਜਥੇਦਾਰ ਸੱਜਣ ਸਿੰਘ ਬੱਜੂਮਾਨ ਤੇ ਸਕੱਤਰ ਸ. ਬਲਵਿੰਦਰ ਸਿੰਘ ਜੌੜਾਸਿੰਘਾ ਦੀ ਸੁਯੋਗ ਅਗਵਾਈ ਸਦਕਾ ਬਟਾਲਾ ਦੇ ਵੱਖ-ਵੱਖ 28 ਗੁਰਦੁਆਰਾ ਸਾਹਿਬਾਨ ਵਿਖੇ ਗੁਰਮਤਿ ਸਮਾਗਮ ਕਰਵਾਏ ਗਏ, ਜਿਨ੍ਹਾਂ ਦੀ ਸਮਾਪਤੀ ਮੌਕੇ ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ ਵਿਖੇ ਗੁਰਮਤਿ ਸਮਾਗਮ ਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜੱਥਿਆਂ ਵੱਲੋਂ ਗੁਰਬਾਣੀ ਕੀਰਤਨ ਤੇ ਗੁਰ ਇਤਿਹਾਸ ਸੰਗਤਾਂ ਨੂੰ ਸਰਵਣ ਕਰਵਾਇਆ ਗਿਆ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਰਣਜੀਤ ਸਿੰਘ ਵੜੈਚ, ਸ. ਕੁਲਬੀਰ ਸਿੰਘ ਉਦੋਵਾਲੀ, ਢਾਡੀ ਭਾਈ ਸ਼ਮਸ਼ੇਰ ਸਿੰਘ, ਸ. ਹਰਪਾਲ ਸਿੰਘ ਤੇ ਸ. ਰਣਜੋਧ ਸਿੰਘ ਨੇ ਸੰਗਤਾਂ ਗੁਰ ਇਤਿਹਾਸ ਨਾਲ ਜੋੜਿਆ। ਇਸ ਮੌਕੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ 44 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਇਸੇ ਦੌਰਾਨ ਜਥੇ. ਸੱਜਣ ਸਿੰਘ ਬੱਜੂਮਾਨ ਨੇ ਪੰਜ ਪਿਆਰੇ ਸਾਹਿਬਾਨ ਅਤੇ ਅੰਮ੍ਰਿਤ ਅਭਿਲਾਖੀਆਂ ਨੂੰ ਸਨਮਾਨਿਤ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਮਾਨ ਨਗਰ ਦੀ ਪ੍ਰਬੰਧਕ ਕਮੇਟੀ ਵੱਲੋਂ ਜਥੇ. ਬੱਜੂਮਾਨ, ਮੈਨੇਜਰ ਸ. ਮਨਜੀਤ ਸਿੰਘ ਹੋਠੀਆਂ ਸਾਹਿਬ ਤੇ ਰਾਗੀ, ਢਾਡੀ ਤੇ ਕਵੀਸ਼ਰੀ ਜੱਥਿਆਂ ਦਾ ਸਨਮਾਨ ਕੀਤਾ ਗਿਆ।



ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ ਵੱਲੋਂ ਬਿਲਾਸਪੁਰ (ਛਤੀਸਗੜ੍ਹ) ਵਿਖੇ 1 ਮਈ ਤੋਂ 30 ਮਈ ਤੱਕ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਬਲਬੀਰ ਸਿੰਘ ਨੇ ਬੱਚਿਆਂ ਨੂੰ ਗੁਰਬਾਣੀ, ਗੁਰ-ਇਤਿਹਾਸ ਤੇ ਸਿੱਖ ਰਹਿਤ ਮਰਿਯਾਦਾ ਬਾਰੇ ਜਾਣਕਾਰੀ ਦਿੱਤੀ। ਸਮਾਪਤੀ ਸਮੇਂ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਤੇ ਧਾਰਮਿਕ ਲਿਟਰੇਚਰ ਦੇ ਕੇ ਸਨਮਾਨਿਤ ਕੀਤਾ।

# ਪਿੰਡ ਗੰਡੀਵਿੰਡ ਵਿਖੇ ਗੁਰਮਤਿ ਸਿਖਲਾਈ ਕੈਂਪ ਲਗਾਇਆ



ਤਰਨ ਤਾਰਨ- ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਬਾਬਾ ਨਿਰਮਲ ਸਿੰਘ ਨੁਸ਼ਹਿਰਾ ਢਾਲਾ ਦੇ ਸਹਿਯੋਗ ਨਾਲ ਪਿੰਡ ਗੰਡੀਵਿੰਡ ਜ਼ਿਲ੍ਹਾ ਤਰਨ ਤਾਰਨ ਵਿਖੇ ਬੱਚਿਆਂ ਦਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। 17 ਮਈ ਤੋਂ 1 ਜੂਨ ਤੱਕ ਲਗਾਏ ਗਏ ਇਸ ਕੈਂਪ ਵਿਚ 200 ਦੇ ਕਰੀਬ ਬੱਚਿਆਂ ਨੇ ਭਾਗ ਲਿਆ। ਇਸ ਕੈਂਪ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸਖਵੰਤ ਸਿੰਘ ਸਭਰਾ, ਭਾਈ ਬਲਵਿੰਦਰ ਸਿੰਘ ਝਬਾਲ ਅਤੇ ਭਾਈ ਮਨਜੀਤ ਸਿੰਘ ਮਾਣਕ ਦੇ ਕਵੀਸ਼ਰੀ ਜਥੇ ਨੇ ਬੱਚਿਆਂ ਨੂੰ ਗੁਰਮਤਿ ਦੀ ਜਾਣਕਾਰੀ ਦਿੱਤੀ। ਕੈਂਪ ਦੀ ਸਮਾਪਤੀ ਵਾਲੇ ਦਿਨ ਬੱਚਿਆਂ ਵੱਲੋਂ ਕਵਿਤਾ, ਕਵੀਸ਼ਰੀ ਅਤੇ ਭਾਸਣ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਗੁਰਮਤਿ ਕੈਂਪ ਵਿਚ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਮੈਡਲ, ਪ੍ਰਮਾਣ ਪੱਤਰ ਅਤੇ ਸ਼ੀਲਡਾਂ ਦੇ ਕੇ ਸਮਾਨਿਤ ਕੀਤਾ ਗਿਆ।

**ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਵਿੱਦਿਅਕ ਅਦਾਰੇ**

# ਅਨੇਕਾਂ ਵਿਦਵਾਨ ਪੰਥ ਦੀ ਝੋਲੀ ਪਾਉਣ ਵਾਲੀ ਸੰਸਥਾ ਸ਼ਹੀਦ ਸਿੱਖ ਮਿਸ਼ਨਰੀ ਕਾਲਜ਼ ਸ੍ਰੀ ਅੰਮ੍ਰਿਤਸਰ ਸਾਹਿਬ



ਸਿੱਖ ਯੋਧਿਆਂ ਦੀਆਂ ਸ਼ਹਾਦਤਾਂ ਨਾਲ ਹੋਂਦ ਵਿਚ ਆਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਸੁਚਾਰੂ ਪ੍ਰਬੰਧਾਂ ਦੇ ਨਾਲ-ਨਾਲ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਵੀ ਸਦਾ ਯਤਨਸ਼ੀਲ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬੱਚਿਆਂ ਨੂੰ ਚੰਗੀ ਵਿਦਿਆ ਲਈ ਅਨੇਕਾਂ ਸਕੂਲ ਕਾਲਜ਼ ਚਲਾਏ ਜਾ ਰਹੇ ਹਨ। ਇਸੇ ਤਰ੍ਹਾਂ ਧਾਰਮਿਕ ਖੇਤਰ ਵਿਚ ਚੰਗੇ ਪ੍ਰਚਾਰਕ, ਰਾਗੀ, ਢਾਡੀ ਤੇ ਕਵੀਸ਼ਰ ਤਿਆਰ ਕਰਨ ਲਈ ਦਰਜਨ ਤੋਂ ਵੱਧ ਮਿਸ਼ਨਰੀ ਕਾਲਜ ਤੇ ਵਿਦਿਆਲੇ ਚਲਾਏ ਜਾ ਰਹੇ ਹਨ। ਇਨ੍ਹਾਂ ਕਾਲਜ਼ਾਂ ਵਿਚ ਸਭ ਤੋਂ ਪੁਰਾਣਾ ਤੇ ਮੋਹਰੀ ਕਾਲਜ ਹੈ ਸ਼ਹੀਦ ਸਿੱਖ ਮਿਸ਼ਨਰੀ ਕਾਲਜ਼।

ਇਸ ਕਾਲਜ਼ ਦੇ ਇਤਿਹਾਸ ਵੱਲ ਝਾਤੀ ਮਾਰੀਏ ਤਾਂ ਸਾਕਾ ਨਨਕਾਣਾ ਸਾਹਿਬ ਜੀ ਦੇ ਸ਼ਹੀਦਾਂ ਦੀ ਯਾਦ ਵਿਚ ਸਿੱਖ ਕੌਮ ਦੇ ਆਗੂਆਂ ਨੇ 2 ਅਕਤੂਬਰ 1927 ਈ: ਨੂੰ ਸ਼ਹੀਦ ਸਿੱਖ ਮਿਸ਼ਨਰੀ ਕਾਲਜ਼ ਦੀ ਸਥਾਪਨਾ ਕੀਤੀ। ਇਸ ਕਾਲਜ਼ ਦੀ ਹੋਂਦ ਪਿਛੇ ਸ਼ਹੀਦਾਂ ਦਾ ਇਤਿਹਾਸ ਹੈ, ਜਿਨ੍ਹਾਂ ਗੁਰਦੁਆਰਾ ਸੁਧਾਰ ਲਹਿਰ ਲਈ ਕੁਰਬਾਨੀਆਂ ਕੀਤੀਆਂ। ਗੁਰਦੁਆਰਾ ਸੁਧਾਰ ਲਹਿਰ ਸਮੇਂ



ਕੁਕਰਮੀ ਮਹੰਤਾਂ ਨੂੰ ਠੱਲ ਪਾਉਣ ਉਪਰੰਤ ਸਿੱਖ ਜਗਤ ਨੂੰ ਧਾਰਮਿਕ ਸਥਾਨਾਂ ਲਈ ਚੇਤੰਨ ਸਿੱਖ ਪ੍ਰਚਾਰਕ ਸ਼੍ਰੇਣੀ ਦੀ ਲੋੜ ਮਹਿਸੂਸ ਹੋਈ। ਜਿਸਦੇ ਸਿੱਟੇ ਵੱਜੋਂ ਨਨਕਾਣਾ ਸਾਹਿਬ ਦੇ ਸ਼ਹੀਦਾ ਦੀ ਯਾਦ ਵਿਚ ਅਤੇ ਸ਼ਹੀਦੀ ਸਮਾਰਕ ਦੇ ਰੂਪ ਵਿਚ ਸ਼ਹੀਦ ਸਿੱਖ ਮਿਸ਼ਨਰੀ ਕਾਲਜ਼, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਸਥਾਪਨਾ ਹੋਈ। ਸਿੱਖਾਂ ਦੀ ਇਸ ਸੰਸਥਾ ਦਾ ਮੁੱਖ ਉਦੇਸ਼ ਅਜਿਹੇ ਧਰਮ ਪ੍ਰਚਾਰਕ ਤਿਆਰ ਕਰਨਾ ਸੀ ਜੋ ਇਲਮ ਦੇ ਧਨੀ ਅਤੇ ਅਮਲ ਦੇ ਧਾਰਨੀ ਹੋਣ। ਸ਼ਹੀਦ ਸਿੱਖ ਮਿਸ਼ਨਰੀ ਕਾਲਜ ਸਿੱਖਾਂ ਦੀ ਅਜਿਹੀ ਪਲੇਠੀ ਸੰਸਥਾ ਹੈ ਜਿਸ ਨੇ ਸਿੱਖੀ ਨੂੰ ਅਕਾਦਮਿਕ ਪੱਧਰ ਤੇ ਪ੍ਰਚਾਰਨ ਦਾ ਕੰਮ ਆਰੰਭਿਆ। ਗੁਰਬਾਣੀ ਦੇ ਪਾਠ ਬੋਧ ਤੋਂ ਲੈ ਕੇ ਸਿੱਖ ਸਿਧਾਂਤ ਦੇ ਸੂਖਮ ਗਿਆਨ, ਸਿੱਖ ਇਤਿਹਾਸ ਦੀ ਗਹਿਰੀ ਸੂਝ ਅਤੇ ਗੁਰਮਤਿ ਸੰਗੀਤ ਦੀਆਂ ਰਹੱਸਮਈ ਬਾਰੀਕੀਆਂ ਦਾ ਗਿਆਨ ਅਤੇ ਅਭਿਆਸ ਇਸ ਸੰਸਥਾ ਦਾ ਬੁਨਿਆਦੀ ਮੰਤਵ ਹੈ। ਆਪਣੇ ਟੀਚੇ ਨੂੰ ਮੁੱਖ ਰੱਖਦਿਆਂ ਇਸ ਸੰਸਥਾ ਨੇ ਕਈ ਮਹਾਨ ਸ਼ਖ਼ਸੀਅਤਾਂ ਪੰਥ ਦੀ ਝੋਲੀ ਪਾਈਆਂ ਹਨ।

ਰਣਜੀਤਪੁਰਾ, ਪੁਤਲੀਘਰ, ਸ੍ਰੀ ਅੰਮ੍ਰਿਤਸਰ ਵਿਖੇ ਸਥਿਤ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਵਿਚ ਮੌਜੂਦਾ ਸਮੇਂ ਤਿੰਨ ਸਾਲਾ ਪ੍ਰਚਾਰਕ, ਸੰਗੀਤ ਅਤੇ ਤਬਲਾਵਾਦਕ ਦੇ ਕੋਰਸ ਕਰਵਾਏ ਜਾ ਰਹੇ ਹਨ। ਇਸ ਸਮੇਂ ਪ੍ਰਚਾਰਕ ਕਲਾਸ ਵਿਚ 32 ਵਿਦਿਆਰਥੀ, ਸੰਗੀਤ ਵਿਚ 43 ਵਿਦਿਆਰਥੀ ਅਤੇ ਤਬਲਾ ਕਲਾਸ ਵਿਚ 22 ਵਿਦਿਆਰਥੀ ਵਿਦਿਆ ਪ੍ਰਾਪਤ ਕਰ ਰਹੇ ਹਨ। ਇਨ੍ਹਾਂ ਵਿਦਿਆਰਥੀਆਂ ਨੂੰ ਤੰਤੀ ਸਾਜਾਂ ਦੀ ਸਿੱਖਿਆ ਦੇ ਨਾਲ ਗਤਕੇ ਦੀ ਟ੍ਰੇਨਿੰਗ ਵੀ ਦਿੱਤੀ ਜਾ ਰਹੀ ਹੈ। ਇਸ ਮੌਕੇ ਪ੍ਰਿੰਸੀਪਲ ਮਨਜੀਤ ਕੌਰ, ਸ. ਸੁਰਜੀਤ ਸਿੰਘ ਪ੍ਰੋਫੈਸਰ ਸੰਗੀਤ, ਬੀਬੀ ਅਮਰਜੀਤ ਕੌਰ ਪ੍ਰੋਫੈਸਰ ਗੁਰਮਤਿ, ਸ. ਕੁਲਰਾਜ ਸਿੰਘ ਪ੍ਰੋਫੈਸਰ ਗੁਰਮਤਿ, ਸ. ਰਵੇਲ ਸਿੰਘ ਪ੍ਰੋਫੈਸਰ ਸੰਗੀਤ, ਸ. ਸੁਖਵਿੰਦਰ ਸਿੰਘ ਅਧਿਆਪਕ ਤੰਤੀ ਸਾਜ, ਸ. ਸੁਖਜਿੰਦਰ ਸਿੰਘ ਅਧਿਆਪਕ ਤਬਲਾ ਬੱਚਿਆਂ ਨੂੰ ਪੜ੍ਹਾ ਰਹੇ ਹਨ। ਅਧਿਆਪਕਾਂ ਦੀ ਅਗਵਾਈ ਵਿਚ ਸਮੇਂ ਸਮੇਂ ਵਿਦਿਆਰਥੀਆਂ ਨੂੰ ਫੀਲਡ ਟ੍ਰੇਨਿੰਗ ਲਈ ਪਿੰਡਾਂ ਵਿਚ ਵੀ ਲੈਜਾਇਆ ਜਾਂਦਾ ਹੈ ਜਿਥੇ ਵਿਦਿਆਰਥੀ ਗੁਰਦੁਆਰਾ ਸਾਹਿਬਾਨ ਵਿਚ ਰੁਜਾਨਾ ਦੀ ਮਰਿਯਾਦਾ ਨਿਭਾਉਣ ਦੀ ਸੇਵਾ ਦੇ ਨਾਲ ਕੀਰਤਨ, ਕਥਾ ਵਖਿਆਨ ਕਰਨ ਦੇ ਨਾਲ ਪਿੰਡ ਦੇ ਬੱਚਿਆਂ ਦੇ ਗੁਰਮਤਿ ਕੈਂਪ ਵੀ ਲਗਾਉਂਦੇ ਹਨ। ਇਸ ਵਾਰ ਸ਼੍ਰੋਮਣੀ ਕਮੇਟੀ ਹਲਕਾ ਕਾਲਾ ਅਫਗਾਨਾ ਦੇ ਪਿੰਡਾਂ ਵਿਚ ਵਿਦਿਆਰਥੀਆਂ ਵੱਲੋਂ ਕੈਂਪ ਲਗਾਏ ਜਾ ਰਹੇ ਹਨ।

ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਇਸ ਕਾਲਜ਼ ਵਿਚ ਪੜ੍ਹ ਰਹੇ ਵਿਦਿਆਰਥੀਆਂ ਦੀ ਰਹਾਇਸ਼ ਤੇ ਪੜ੍ਹਾਈ ਦੀ ਕੋਈ ਭੇਟਾ ਨਹੀਂ ਲਈ ਜਾਂਦੀ ਸਗੋਂ ਧਰਮ ਪ੍ਰਚਾਰ ਕਮੇਟੀ ਵੱਲੋਂ ਬੱਚਿਆਂ ਨੂੰ 1200 ਰੁਪਏ ਪ੍ਰਤੀ ਮਹੀਨਾ ਵਜੀਫਾ ਦਿੱਤਾ ਜਾਂਦਾ ਹੈ। ਵਿਦਿਆਰਥੀਆਂ ਲਈ ਸਹਾਇਤਾ ਲਈ ਇਸ ਸਮੇਂ ਅਧਿਆਪਕਾਂ ਸਮੇਤ ਕੁਲ 21 ਮੁਲਾਜਮ ਸੇਵਾ ਨਿਭਾ ਰਹੇ ਹਨ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਹਿਜਪਾਠ ਸਾਹਿਬ ਦਾ ਟੀ. ਵੀ. ਦੇ ਮਾਧੀਅਮ ਜਰੀਏ ਪ੍ਰਸਾਰਨ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਜਿਸ ਲਈ ਸ਼ਹੀਦ ਸਿੱਖ ਮਿਸ਼ਨਰੀ ਕਾਲਜ਼ ਵਿਖੇ ਸਟੂਡਿਓ ਸਥਾਪਤ ਕੀਤਾ ਗਿਆ ਹੈ।



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਇਸ ਪਲੇਠੀ ਧਾਰਮਿਕ ਸੰਸਥਾ ਤੋਂ ਸਿੱਖਿਆ ਪ੍ਰਾਪਤ ਕਰਕੇ ਹੁਣ ਤੱਕ ਬੇਸ਼ੁਮਾਰ ਪ੍ਰਚਾਰਕ ਤੇ ਰਾਗੀ ਸਿੰਘ ਦੇਸ਼ਾਂ ਵਿਦੇਸ਼ਾਂ ਵਿਚ ਸਿੱਖੀ ਪ੍ਰਚਾਰ ਦੀਆਂ ਸੇਵਾਵਾਂ ਨਿਭਾ ਰਹੇ ਹਨ।

# ਸ੍ਰੀ ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿਖੇ ਲਗਾਈ ਅੰਗਰੇਜ਼ੀ ਅਧਿਆਪਕਾਂ ਦੀ ਵਰਕਸ਼ਾਪ



ਅੰਮ੍ਰਿਤਸਰ-ਸ਼੍ਰੋਮਣੀ ਗੁ: ਪ੍ਰ: ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਸਥਾਨਕ ਘਿਓ ਮੰਡੀ ਵਿਖੇ ਚੱਲ ਰਹੇ ਸ੍ਰੀ ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ 'ਚ ਦੋ ਰੋਜ਼ਾ 'ਆਰਟ ਆਫ਼ ਲਰਨਿੰਗ ਇੰਗਲਿਸ਼ ਵਰਕਸ਼ਾਪ' ਲਗਾਈ ਗਈ, ਜਿਸ ਵਿਚ ਸ਼੍ਰੋਮਣੀ ਕਮੇਟੀ ਨਾਲ ਸਬੰਧਤ ਵਿਦਿਅਕ ਅਦਾਰਿਆਂ ਦੇ ਅੰਗਰੇਜ਼ੀ ਅਧਿਆਪਕਾਂ ਨੇ ਸ਼ਮੂਲੀਅਤ ਕੀਤੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੈਬਰਿਜ਼ ਯੂਨੀਵਰਸਿਟੀ ਪ੍ਰੈੱਸ ਦੇ ਸਹਿਯੋਗ ਨਾਲ ਲਗਾਈ ਗਈ ਇਸ ਵਰਕਸ਼ਾਪ ਦੌਰਾਨ ਸ੍ਰੀ ਗੁਰੂ ਨਾਨਕ ਗਰਲਜ਼ ਸਕੂਲ ਦੀ ਪ੍ਰਿੰਸੀਪਲ ਮਨਿੰਦਰਪਾਲ ਕੌਰ ਨੇ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਹਾਜ਼ਰ ਅਧਿਆਪਕਾਂ ਨੂੰ ਜੀ ਆਇਆਂ ਆਖਿਆ। ਇਸ ਮੌਕੇ ਸਹਾਇਕ ਡਾਇਰੈਕਟਰ ਵਿੱਦਿਆ ਪ੍ਰਿੰਸੀਪਲ ਸਤਵੰਤ ਕੌਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਜੋਕੇ ਸਮੇਂ 'ਚ ਅਜਿਹੀਆਂ ਗੋਸ਼ਟੀਆਂ ਸਮੇਂ ਦੀ ਲੋੜ ਹਨ ਕਿਉਂਕਿ ਇਨ੍ਹਾਂ ਨਾਲ ਅਧਿਆਪਕਾਂ ਨੂੰ ਵਰਤਮਾਨ ਸਮੇਂ ਦੇ ਹਾਣੀ ਬਣਨ ਵਿਚ ਵੱਡੀ ਸਹਾਇਤਾ ਮਿਲਦੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਦਾ ਮੰਤਵ ਵਿਦਿਆਰਥੀਆਂ ਦੀ ਸ਼ਖ਼ਸੀਅਤ ਨੂੰ ਬਹੁਪੱਖੀ ਬਣਾਉਣਾ ਹੈ ਅਤੇ ਇਸ ਦੇ ਮੱਦੇਨਜ਼ਰ ਹੀ ਅਜਿਹੀਆਂ ਵਰਕਸ਼ਾਪਾਂ ਸਮੇਂ ਸਮੇਂ ਲਗਾਈਆਂ ਜਾਂਦੀਆਂ ਹਨ। ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਅੰਗਰੇਜ਼ੀ ਅਧਿਆਪਕਾਂ ਤੋਂ ਇਲਾਵਾ ਪ੍ਰਿੰਸੀਪਲ ਅਨਮੋਲਦੀਪ ਕੌਰ, ਪ੍ਰਿੰਸੀਪਲ ਚਰਨਜੀਤ ਕੌਰ ਅਤੇ ਪ੍ਰਿੰਸੀਪਲ ਅਮਰਜੀਤ ਕੌਰ ਵੀ ਮੌਜੂਦ ਸਨ।

# ਵਿਦਿਆਰਥੀਆਂ ਨੂੰ ਧਰਮ ਦੀ ਸਿੱਖਿਆ ਦੇਣ ਵਿੱਚ ਸਹਾਈ ਹੁੰਦੀ ਹੈ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਜਾਂਦੀ ਧਾਰਮਿਕ ਪ੍ਰੀਖਿਆ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਦਿਆਰਥੀਆਂ ਨੂੰ ਧਰਮ ਦੀ ਸਿੱਖਿਆ ਦੇਣ ਦੇ ਮਕਸਦ ਨਾਲ ਧਾਰਮਿਕ ਪ੍ਰੀਖਿਆ ਆਰੰਭ ਕੀਤੀ ਗਈ ਸੀ। ਇਸ ਦਾ ਅਸਲ ਮਨੋਰਥ ਵਿਦਿਆਰਥੀ ਜੀਵਨ ਵਿਚ ਵਿਦਿਆਰਥੀਆਂ ਨੂੰ ਧਰਮ ਪੱਖੋਂ ਸਹੀ ਸੇਧ ਦੇਣੀ ਹੈ। ਇਸ ਪ੍ਰੀਖਿਆ ਰਾਹੀਂ ਵਿਦਿਆਰਥੀਆਂ ਵਿਚ ਨਿਮਰਤਾ, ਸ਼ਹਿਨਸ਼ੀਲਤਾ, ਸੇਵਾ ਅਤੇ ਸਿਮਰਨ ਜਿਹੇ ਗੁਣ ਪੈਦਾ ਕਰਦਿਆਂ ਨੌਂਜਵਾਨਾ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਕਰਨਾ ਹੈ।

ਅਜੋਕੇ ਸਮੇਂ ਵਿਚ ਦੁਨਿਆਵੀ ਵਿੱਦਿਆ ਦੇ ਨਾਲ-ਨਾਲ ਧਾਰਮਿਕ ਵਿੱਦਿਆ ਦਾ ਖਾਸ ਮੱਹਤਵ ਹੈ। ਧਰਮ ਤੋਂ ਦੂਰ ਹੋ ਵਿੱਦਿਆ ਪ੍ਰਾਪਤ ਕਰਨ ਵਾਲੇ ਲੋਕ ਆਪਣੇ ਸੁਆਰਥ ਲਈ ਅੱਜ ਇਸ ਸ੍ਰਿਸ਼ਟੀ ਲਈ ਖ਼ਤਰਾ ਬਣੇ ਹੋਏ ਹਨ। ਅੱਜ ਉਹੀ ਲੋਕ ਸਮਾਜ, ਦੇਸ਼ ਅਤੇ ਕੌਮ ਦੀ ਸੇਵਾ ਕਰ ਸਕਦੇ ਹਨ ਜਿਹੜੇ ਧਰਮ ਪੱਖੋਂ ਚੇਤੰਨ ਹੋਣਗੇ।

ਲਗਭਗ ਪਿਛਲੇ 50 ਸਾਲਾਂ ਦੇ ਵੱਧ ਅਰਸੇ ਤੋਂ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਸ੍ਰੀ ਅੰਮ੍ਰਿਤਸਰ ਵੱਲੋਂ ਚਲਾਏ ਜਾ ਰਹੇ ਵਿਦਿਅਕ ਅਦਾਰਿਆਂ ਅਤੇ ਵੱਖ-ਵੱਖ ਸਰਕਾਰੀ ਅਤੇ ਗ਼ੈਰ-ਸਰਕਾਰੀ ਸਕੂਲਾਂ/ਕਾਲਜਾਂ ਵਿਚ ਵਿੱਦਿਆ ਪ੍ਰਾਪਤ ਕਰ ਰਹੇ ਹਰ ਵਰਗ ਦੇ ਰੈਗੂਲਰ ਵਿਦਿਆਰਥੀਆਂ ਪਾਸੋਂ ਇਹ ਧਾਰਮਿਕ ਪ੍ਰੀਖਿਆ ਲਈ ਜਾ ਰਹੀ ਹੈ। ਜਿਸ ਵਿਚ ਛੇਵੀਂ ਕਲਾਸ ਤੋਂ ਲੈ ਕੇ ਪੋਸਟ ਗ੍ਰੈਜੂਏਸ਼ਨ ਪੱਧਰ ਤੀਕ ਦੇ ਵਿਦਿਆਰਥੀ ਹਿੱਸਾ ਲੈਂਦੇ ਹਨ।

ਇਸ ਧਾਰਮਿਕ ਪ੍ਰੀਖਿਆ ਲਈ ਵੱਖ-ਵੱਖ ਦਰਜਿਆਂ ਦੀ ਵੰਡ ਕੀਤੀ ਗਈ ਹੈ। ਦਰਜਾ ਪਹਿਲਾ ਵਿਚ ਛੇਵੀਂ ਕਲਾਸ ਤੋਂ ਅੱਠਵੀਂ ਕਲਾਸ, ਦੂਜਾ ਵਿਚ ਨੌਵੀਂ ਕਲਾਸ ਤੋਂ 10+2 ਕਲਾਸ, ਤੀਜਾ ਵਿਚ ਟੀ.ਡੀ.ਸੀ-1 ਤੋਂ ਟੀ.ਡੀ.ਸੀ-3 (ਗ੍ਰੈਜੂਏਸ਼ਨ ਪੱਧਰ) ਅਤੇ ਦਰਜਾ ਚੌਥਾ ਵਿਚ ਪੋਸਟ ਗ੍ਰੈਜੂਏਸ਼ਨ ਪੱਧਰ ਦੇ ਰੈਗੂਲਰ ਵਿਦਿਆਰਥੀ ਇਸ ਪ੍ਰੀਖਿਆ ਵਿਚ ਹਿੱਸਾ ਲੈ ਸਕਦੇ ਹਨ। ਇਨ੍ਹਾਂ ਚੌਹਾਂ ਦਰਜਿਆਂ ਵਿੱਚੋਂ ਮੈਰਿਟ ਵਿਚ ਆਉਣ ਵਾਲੇ ਵਿਦਿਆਰਥੀਆਂ ਨੂੰ ਕ੍ਰਮਵਾਰ 1100, 2100, 3100 ਅਤੇ 4100 ਰੁਪਏ ਕੇਵਲ ਇਕ ਸਾਲ ਲਈ ਵਜੀਫ਼ਾ ਅਤੇ ਚੌਹਾਂ ਦਰਜਿਆਂ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ 2100, 1500 ਅਤੇ 1100 ਰੁਪਏ ਕੇਵਲ ਵਿਸ਼ੇਸ਼ ਇਨਾਮ ਵਜੋਂ ਦਿੱਤੇ ਜਾਂਦੇ ਹਨ।

ਨਵੰਬਰ 2018 ਵਿਚ ਦਰਜਾ ਪਹਿਲਾ, ਦੂਜਾ ਅਤੇ ਜਨਵਰੀ 2019 ਵਿਚ ਦਰਜਾ ਤੀਜਾ ਤੇ ਚੌਥਾ ਦੀ ਧਾਰਮਿਕ ਪ੍ਰੀਖਿਆ ਆਯੋਜਿਤ ਕੀਤੀ ਗਈ। ਇਸ ਸਾਲ ਚੌਹਾਂ ਦਰਜਿਆਂ ਵਿਚ 53034 ਵਿਦਿਆਰਥੀਆਂ ਨੇ ਭਾਗ ਲਿਆ। ਇਨ੍ਹਾਂ ਵਿੱਚੋਂ ਦਰਜਾ ਪਹਿਲਾ ਦੇ 259, ਦਰਜਾ ਦੂਜਾ ਦੇ 913, ਦਰਜਾ ਤੀਜਾ ਦੇ 32 ਅਤੇ ਦਰਜਾ ਚੌਥਾ ਦੇ 32 ਵਿਦਿਆਰਥੀਆਂ ਨੇ ਵਜੀਫਾ ਪ੍ਰਾਪਤ ਕੀਤਾ।

ਇਸ ਸਾਲ ਧਾਰਮਿਕ ਪ੍ਰੀਖਿਆ ਵਿਚ ਵਿਸ਼ੇਸ਼ ਇਨਾਮ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਵਿੱਚ ਦਰਜਾ ਪਹਿਲਾ ਦੇ ਪਹਿਲੇ ਸਥਾਨ 'ਪੁਰ ਅਰਸ਼ਦੀਪ ਸਿੰਘ ਦਸ਼ਮੇਸ ਪਬਲਿਕ ਸਕੂਲ ਫਰੀਦਕੋਟ ਦੂਜੇ ਸਥਾਨ 'ਪੁਰ ਸਿਮਰਨਜੀਤ ਕੌਰ ਛੋਟਾ ਘੱਲੂਘਾਰਾ ਸ਼ਹੀਦ ਮੈਮੋਰੀਅਲ ਹਾਈ ਸਕੂਲ, ਕਾਹਨੂੰਵਾਨ ਅਤੇ ਤੀਜੇ ਸਥਾਨ 'ਪੁਰ ਜਸ਼ਨਪ੍ਰੀਤ ਕੌਰ ਬਾਬੇ ਕੇ ਸੀਨੀਅਰ ਸੈਕੰ: ਸਕੂਲ ਵਾੜਾ ਜੋਧ ਸਿੰਘ ਤੇ ਸ਼ਰਨਦੀਪ ਕੌਰ ਨਵ ਚੇਤਨ ਸਕੂਲ, ਖਾਰਾ, ਜਿਲ੍ਹਾ ਗੁਰਦਾਸਪੁਰ ਸ਼ਾਮਲ ਹਨ। ਇਸੇ ਤਰ੍ਹਾਂ ਦਰਜਾ ਦੂਜਾ ਦੇ ਪਹਿਲੇ ਸਥਾਨ 'ਪੁਰ ਸਿਮਰਜੀਤ ਕੌਰ ਗੁਰੂ ਰਾਮਦਾਸ ਅਕੈਡਮੀ, ਰਿਆਲੀ ਕਲਾਂ, ਬਟਾਲਾ ਦੂਜੇ ਸਥਾਨ 'ਪੁਰ ਨਵਪ੍ਰੀਤ ਕੌਰ ਗੁਰੂ ਨਾਨਕ ਮਾਡਰਨ ਸਕੂਲ ਮੁਰੀਦਕੇ ਅਤੇ ਤੀਜੇ ਸਥਾਨ ਤੇ ਹਰਲੀਨ ਕੌਰ, ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਸੈਂਸਰਾ ਖੁਰਦ ਤੇ ਜਸ਼ਨਦੀਪ ਕੌਰ ਦਸ਼ਮੇਸ ਪਬਲਿਕ ਸੀਨੀ: ਸੈਕੰ: ਸਕੂਲ ਟਾਹਲੀਆਣਾ ਸਾਹਿਬ ਰਹੇ। ਦਰਜਾ ਤੀਜਾ ਦੇ ਪਹਿਲੇ ਸਥਾਨ 'ਪੁਰ ਕਰਮਪ੍ਰੀਤ ਕੌਰ ਗੁਰੂ ਨਾਨਕ ਕਾਲਜ਼ ਮੋਗਾ, ਦੂਜਾ ਸਥਾਨ ਸਾਹਿਬਦੀਪ ਕੌਰ ਸੰਤ ਬਾਬਾ ਹਜਾਰਾ ਸਿੰਘ ਗਰਲਜ ਕਾਲਜ, ਨਿੱਕੇ ਘੁੰਮਣ, ਅਤੇ ਤੀਜੇ ਸਥਾਨ ਤੇ ਰਵੀਨਾ ਰਾਣੀ ਗੁਰੂ ਨਾਨਕ ਕਾਲਜ ਮੋਗਾ ਰਹੇ।

ਦਰਜਾ ਚੌਥਾ ਦੇ ਪਹਿਲੇ ਸਥਾਨ 'ਪੁਰ ਮਨਪ੍ਰੀਤ ਕੌਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ (ਗਣਿਤ ਵਿਭਾਗ), ਦੂਜੇ ਸਥਾਨ ਤੇ ਸੰਦੀਪ ਕੌਰ ਸਾਂਤੀ ਦੇਵੀ ਆਰੀਆ ਮਹਿਲਾ ਕਾਲਜ, ਦੀਨਾਨਗਰ ਅਤੇ ਤੀਜੇ ਸਥਾਨ ਤੇ ਮਨਦੀਪ ਕੌਰ ਸ਼ਾਂਤੀ ਦੇਵੀ ਆਰੀਆ ਮਹਿਲਾ ਕਾਲਜ, ਦੀਨਾਨਗਰ ਰਹੇ। ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਧਰਮ ਅਤੇ ਸਿੱਖ ਵਿਰਸੇ ਨਾਲ ਜੋੜਨ ਲਈ ਸਮੂਹ ਸਕੂਲਾਂ/ਕਾਲਜਾਂ ਦੇ ਮੁਖੀਆਂ ਨੂੰ ਆਪੋ-ਆਪਣੇ ਵਿਦਿਅਕ ਅਦਾਰਿਆਂ ਵਿੱਚੋਂ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਇਸ ਪ੍ਰੀਖਿਆ ਵਿਚ ਸ਼ਮੂਲੀਅਤ ਕਰਵਾਉਣ ਦਾ ਉਪਰਾਲਾ ਕਰਨਾ ਚਾਹੀਦਾ ਹੈ ਤਾਂ ਜੋ ਸਾਡੇ ਬੱਚੇ-ਬੱਚੀਆਂ ਦੁਨਿਆਵੀ ਵਿੱਦਿਆ ਦੇ ਨਾਲ-ਨਾਲ ਧਾਰਮਿਕ ਵਿੱਦਿਆ ਵੀ ਜ਼ਰੂਰ ਗ੍ਰਹਿਣ ਕਰ ਸਕਣ।

# ਭੁੱਚੋ ਕਲਾਂ (ਬਠਿੰਡਾ) ਵਿਖੇ 11 ਰੋਜਾ ਗੁਰਮਤਿ ਕੈਂਪ ਲਗਾਇਆ



ਭੁੱਚੋ ਕਲਾਂ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਅਰੰਭੀ ਗਈ ਧਰਮ ਪ੍ਰਚਾਰ ਲਹਿਰ ਤਹਿਤ ਧਰਮ ਪ੍ਰਚਾਰ ਕਮੇਟੀ ਸਬ ਆਫਿਸ ਤਲਵੰਡੀ ਸਾਬੋ ਦੇ ਸਹਿਯੋਗ ਸਦਕਾ ਜਥੇਦਾਰ ਮੇਜਰ ਸਿੰਘ ਢਿੱਲੋਂ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਵਿਚ ਗੁਰਦੁਆਰਾ ਬਾਬਾ ਦਲ ਸਿੰਘ ਭੁੱਚੋ ਕਲਾਂ (ਬਠਿੰਡਾ) ਵਿਖੇ 11 ਰੋਜਾ ਗੁਰਮਤਿ ਕੈਂਪ ਲਗਾਇਆ ਗਿਆ। 18 ਮਈ ਤੋਂ ਅਰੰਭ ਹੋਏ ਇਸ ਕੈਂਪ ਦੀ ਸਮਾਪਤੀ 28 ਮਈ ਨੂੰ ਕੀਤੀ ਗਈ। ਇਸ ਕੈਂਪ ਵਿਚ 51 ਬੱਚਿਆਂ ਨੇ ਭਾਗ ਲਿਆ। ਕੈਂਪ ਦੀ ਸਮਾਪਤੀ ਤੇ ਭਾਗ ਲੈਣ ਵਾਲੇ ਬੱਚਿਆਂ ਨੂੰ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਸੰਗਤਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਪ੍ਰਸੰਸਾ ਕਰਦਿਆਂ ਸਮੇਂ ਸਮੇਂ ਅਜਿਹੇ ਕੈਂਪ ਲਗਾਏ ਜਾਣ ਦੀ ਮੰਗ ਕੀਤੀ। ਇਸ ਮੌਕੇ ਲੋਕਲ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਸ. ਜਗਦੇਵ ਸਿੰਘ, ਸ. ਸੁਮੇਰ ਸਿੰਘ ਬਾਦੀਆਂ ਮੈਨੇਜਰ ਗੁਰਦੁਆਰਾ ਗੁਰੂਸਰ ਪਾ: ਛੇਵੀਂ, ਮਹਿਰਾਜ, ਭਾਈ ਬਿਕਰਮਜੀਤ ਸਿੰਘ ਪ੍ਰਚਾਰਕ, ਭਾਈ ਹਰਦੀਪ ਸਿੰਘ ਬੱਲੋ ਸਮੇਤ ਸੰਗਤਾਂ ਹਾਜਰ ਸਨ।

# ਸ਼ਿਲਾਂਗ ਦੀ ਪੰਜਾਬੀ ਕਲੋਨੀ ਦੇ ਵਸਨੀਕਾਂ ਨੂੰ ਨੋਟਿਸ ਮੰਦਭਾਗੀ ਕਰਵਾਈ-ਭਾਈ ਲੌਂਗੋਵਾਲ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਮੇਘਾਲਿਆ ਦੀ ਰਾਜਧਾਨੀ ਸ਼ਿਲਾਂਗ ਵਿਖੇ ਪ੍ਰਸ਼ਾਸਨ ਵੱਲੋਂ ਪੰਜਾਬੀ ਲੇਨ ਇਲਾਕੇ ਦੇ ਵਸਨੀਕਾਂ ਨੂੰ ਨੋਟਿਸ ਭੇਜਣ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਭਾਈ ਲੌਂਗੋਵਾਲ ਨੇ ਆਖਿਆ ਕਿ ਸਥਾਨਕ ਪੰਜਾਬੀ ਕਲੋਨੀ ਵਿਚ ਵੱਸੇ ਪੰਜਾਬੀਆਂ ਤੇ ਖ਼ਾਸਕਰ ਸਿੱਖਾਂ ਨੂੰ ਜਾਣਬੁਝ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਪਿਛਲੇ 200 ਸਾਲ ਤੋਂ ਸਬੰਧਤ ਕਲੋਨੀ ਵਿਚ ਵੱਸੇ ਪੰਜਾਬੀਆਂ ਪਾਸੋਂ ਜ਼ਮੀਨ ਹਥਿਆਉਣ ਲਈ ਸਰਕਾਰ ਦੀ ਮਨਸ਼ਾ ਭਾਈਚਾਰੇ ਨੂੰ ਦਬਾਉਣ ਵਾਲੀ ਹੈ ਅਤੇ ਇਸ ਨਾਲ ਸੂਬੇ ਅੰਦਰ ਵੱਸਦੇ ਪੰਜਾਬੀ ਭਾਈਚਾਰੇ ਅੰਦਰ ਬੇਗਾਨਗੀ ਦਾ ਅਹਿਸਾਸ ਪੈਦਾ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਜਦੋਂ ਸ਼ਿਲਾਂਗ ਅੰਦਰ ਪੰਜਾਬੀ ਭਾਈਚਾਰੇ 'ਤੇ ਸਥਾਨਕ ਲੋਕਾਂ ਨੇ ਹਮਲਾ ਕੀਤਾ ਸੀ, ਤਾਂ ਸ਼੍ਰੋਮਣੀ ਕਮੇਟੀ ਵੱਲੋਂ ਮਾਮਲੇ ਦੀ ਪੈਰਵਾਈ ਕਰਦਿਆਂ ਸੂਬੇ ਦੇ ਮੁੱਖ ਮੰਤਰੀ ਅਤੇ ਸਥਾਨਕ ਪ੍ਰਸ਼ਾਸਨਿਕ ਅਧਿਕਾਰੀਆਂ ਤੱਕ ਪਹੁੰਚ ਕੀਤੀ ਸੀ। ਇਸ ਤੋਂ ਇਲਾਵਾ ਕੇਂਦਰ ਸਰਕਾਰ ਨਾਲ ਵੀ ਸ਼ਿਲਾਂਗ 'ਚ ਵੱਸਦੇ ਪੰਜਾਬੀਆਂ ਦਾ ਮਾਮਲਾ ਹੱਲ ਕਰਨ ਦੀ ਅਪੀਲ ਕੀਤੀ ਸੀ। ਉਨ੍ਹਾਂ ਮੇਘਾਲਿਆਂ ਸਰਕਾਰ ਨੂੰ ਅਪੀਲ ਕੀਤੀ ਕਿ ਸਥਾਨਕ ਪੰਜਾਬੀ ਭਾਈਚਾਰੇ ਨੂੰ ਪ੍ਰੇਸ਼ਾਨ ਨਾ ਕੀਤਾ ਜਾਵੇ ਅਤੇ ਅੰਗਰੇਜ਼ਾਂ ਦੇ ਸਮੇਂ ਤੋਂ ਪੰਜਾਬੀ ਕਲੋਨੀ ਦੇ ਵਸਨੀਕਾਂ ਨੂੰ ਉਨ੍ਹਾਂ ਦੀ ਜਗ੍ਹਾਂ ਦੇ ਮਾਲਕਾਨਾ ਹੱਕ ਦਿੱਤੇ ਜਾਣ।